ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 11 ਮਾਰਚ 2026 (ਨਾਨਕਸ਼ਾਹੀ ਸੰਮਤ : ੫੫੭, ੨੮ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਰੂਹ ਕੰਬਾਊ ਹਾਦਸਾ; ਇੱਕ ਨਿਰਮਾਣ ਅਧੀਨ ਸੋਸਾਇਟੀ ਦੀ ਕੰਧ ਹੋਈ ਢਹਿ-ਢੇਰੀ, 7 ਮਜ਼ਦੂਰਾਂ ਦੀ ਮੌਤ

**ਗੁਰੂਗ੍ਰਾਮ, 10 ਮਾਰਚ (ਆਵਾਜ਼ਿ ਕੌਮ ਬਿਊਰੋ)**-ਗੁਰੂਗ੍ਰਾਮ ਦੇ ਸਿਧਰਾਵਲੀ ਇਲਾਕੇ ਵਿੱਚ ਸੋਮਵਾਰ ਰਾਤ ਨੂੰ ਇੱਕ ਭਿਆਨਕ ਘਟਨਾ ਵਾਪਰੀ। ਇੱਕ ਨਿਰਮਾਣ ਅਧੀਨ ਸੋਸਾਇਟੀ ਦੀ ਕੰਧ ਅਚਾਨਕ ਢਹਿ ਗਈ। ਹਾਦਸੇ ਸਮੇਂ ਮਜ਼ਦੂਰ ਕੰਧ ਦੇ ਨੇੜੇ ਕੰਮ ਕਰ ਰਹੇ ਸਨ, ਜਦਕਿ ਬਾਕੀ ਨੇੜੇ ਹੀ ਸਨ। ਕੰਧ ਡਿੱਗਣ ਨਾਲ ਕਈ ਮਜ਼ਦੂਰ ਮਲਬੇ ਹੇਠ ਦੱਬ ਗਏ। ਇਸ ਦੁਖਦਾਈ ਹਾਦਸੇ ਵਿੱਚ ਹੁਣ ਤੱਕ ਸੱਤ ਮਜ਼ਦੂਰਾਂ ਦੀ ਮੌਤ ਦੀ ਪੁਸ਼ਟੀ ਹੋ ??ਚੁੱਕੀ ਹੈ, ਜਦੋਂ ਕਿ ਚਾਰ ਹਸਪਤਾਲ ਵਿੱਚ ਜ਼ਿੰਦਗੀ ਲਈ ਜੂਝ ਰਹੇ ਹਨ। ਘਟਨਾ ਦੀ ਜਾਣਕਾਰੀ ਮਿਲਦੇ ਹੀ ਪੁਲਿਸ, ਪ੍ਰਸ਼ਾਸਨ ਅਤੇ ਐਸਡੀਆਰਐਫ ਦੀਆਂ ਟੀਮਾਂ ਮੌਕੇ 'ਤੇ ਪਹੁੰਚੀਆਂ ਅਤੇ ਭਾਰੀ ਮਸ਼ੀਨਰੀ ਦੀ ਵਰਤੋਂ ਕਰਕੇ ਬਚਾਅ ਕਾਰਜ ਸ਼ੁਰੂ ਕਰ ਦਿੱਤਾ। ਇਹ ਹਾਦਸਾ ਸੋਮਵਾਰ ਰਾਤ ਨੂੰ ਉਸ ਸਮੇਂ ਵਾਪਰਿਆ ਜਦੋਂ ਮਜ਼ਦੂਰ ਸੁਸਾਇਟੀ ਦੇ ਅਹਾਤੇ ਵਿੱਚ ਕੰਮ ਕਰ ਰਹੇ ਸਨ ਅਤੇ ਕੁਝ ਨੇੜੇ ਹੀ ਆਰਾਮ ਕਰ ਰਹੇ ਸਨ। ਕੰਧ ਅਚਾਨਕ ਜ਼ੋਰਦਾਰ ਆਵਾਜ਼ ਨਾਲ ਡਿੱਗ ਗਈ, ਜਿਸ ਕਾਰਨ ਕਈ ਮਜ਼ਦੂਰ ਮਲਬੇ ਹੇਠ ਦੱਬ ਗਏ। ਘਟਨਾ ਦੀ ਸੂਚਨਾ ਮਿਲਦੇ ਹੀ ਸਥਾਨਕ ਪੁਲਿਸ, ਪ੍ਰਸ਼ਾਸਨ ਅਤੇ ਐਸਡੀਆਰਐਫ ਦੀਆਂ ਟੀਮਾਂ ਤੁਰੰਤ ਮੌਕੇ 'ਤੇ ਪਹੁੰਚੀਆਂ ਅਤੇ ਬਚਾਅ ਕਾਰਜ ਸ਼ੁਰੂ ਕੀਤਾ। ਕਈ ਘੰਟਿਆਂ ਦੇ ਬਚਾਅ ਕਾਰਜਾਂ ਤੋਂ ਬਾਅਦ, ਮਲਬਾ ਹਟਾਉਣ ਲਈ ਭਾਰੀ ਮਸ਼ੀਨਰੀ ਦੀ ਵਰਤੋਂ ਕੀਤੀ ਗਈ ਅਤੇ ਫਸੇ ਹੋਏ ਮਜ਼ਦੂਰਾਂ ਨੂੰ ਬਾਹਰ ਕੱਢਿਆ ਗਿਆ। ਇਸ ਹਾਦਸੇ ਵਿੱਚ ਸੱਤ ਮਜ਼ਦੂਰਾਂ ਦੀ ਮੌਤ ਹੋ ਗਈ।

## ਗੁਰੂਗ੍ਰਾਮ 'ਚ ਸਕੂਲ ਖੁੱਲ੍ਹਦੇ ਹੀ ਘਰਾਂ ਨੂੰ ਪਰਤੇ ਬੱਚੇ

# 12 ਦੇ ਕਰੀਬ ਸਕੂਲਾਂ ਨੂੰ ਮਿਲੀ ਬੰਬ ਦੀ ਧਮਕੀ

**ਨਵੀਂ ਦਿੱਲੀ, 10 ਮਾਰਚ (ਆਵਾਜ਼ਿ ਕੌਮ ਬਿਊਰੋ)**-ਗੁਰੂਗ੍ਰਾਮ ਦੇ ਕਈ ਸਕੂਲਾਂ ਨੂੰ ਬੰਬ ਦੀ ਧਮਕੀ ਨੇ ਇੱਕ ਵਾਰ ਫਿਰ ਦਹਿਸ਼ਤ ਫੈਲਾ ਦਿੱਤੀ ਹੈ। ਇਹ ਧਮਕੀ ਈਮੇਲ ਰਾਹੀਂ ਭੇਜੀ ਗਈ ਸੀ, ਜਿਸ ਵਿੱਚ ਸਕੂਲ ਦੀਆਂ ਇਮਾਰਤਾਂ ਵਿੱਚ ਬੰਬ ਰੱਖੇ ਜਾਣ ਦੀ ਚਿਤਾਵਨੀ ਦਿੱਤੀ ਗਈ ਸੀ। ਧਮਕੀ ਤੋਂ ਬਾਅਦ ਪੁਲਿਸ ਬੰਬ ਸਕੁਐਡ ਅਤੇ ਡੌਗ ਸਕੁਐਡ ਮੌਕੇ 'ਤੇ ਪਹੁੰਚੇ ਅਤੇ ਜਾਂਚ ਸ਼ੁਰੂ ਕਰ ਦਿੱਤੀ। ਅੱਜ ਸਵੇਰੇ ਸਕੂਲ ਖੁੱਲ੍ਹਦੇ ਹੀ, ਕਈ ਵੱਡੇ ਸਕੂਲਾਂ ਦੇ ਪ੍ਰਬੰਧਨ ਨੂੰ ਇੱਕੋ ਸਮੇਂ ਧਮਕੀ ਭਰੇ ਈਮੇਲ ਮਿਲੇ। ਈਮੇਲਾਂ ਵਿੱਚ ਸਕੂਲ ਦੇ ਅਹਾਤੇ ਵਿੱਚ ਬੰਬ ਰੱਖਣ ਦੀ ਧਮਕੀ ਦਿੱਤੀ ਗਈ ਸੀ। ਸੁਨੇਹਾ ਮਿਲਣ 'ਤੇ, ਸਕੂਲ ਪ੍ਰਸ਼ਾਸਨ ਘਬਰਾ ਗਿਆ ਅਤੇ ਤੁਰੰਤ ਪੁਲਿਸ ਨੂੰ ਸੂਚਿਤ ਕੀਤਾ। ਸੂਚਨਾ ਮਿਲਣ 'ਤੇ, ਪੁਲਿਸ, ਬੰਬ ਸਕੁਐਡ ਅਤੇ ਡੌਗ ਸਕੁਐਡ ਮੌਕੇ 'ਤੇ ਪਹੁੰਚੇ ਅਤੇ ਸਕੂਲ ਦੇ ਅਹਾਤੇ ਦੀ ਪੂਰੀ ਤਲਾਸ਼ੀ ਸ਼ੁਰੂ ਕਰ ਦਿੱਤੀ। ਸੁਰੱਖਿਆ ਕਾਰਨਾਂ ਕਰਕੇ ਵਿਦਿਆਰਥੀਆਂ ਅਤੇ ਸਟਾਫ ਨੂੰ ਕਈ ਸਕੂਲਾਂ ਤੋਂ ਸੁਰੱਖਿਅਤ ਬਾਹਰ ਕੱਢ ਲਿਆ ਗਿਆ, ਜਦੋਂਕਿ ਕੁਝ ਸਕੂਲਾਂ ਵਿੱਚ ਕਲਾਸਾਂ ਨੂੰ ਅਸਥਾਈ ਤੌਰ 'ਤੇ ਮੁਅੱਤਲ ਕਰ ਦਿੱਤਾ ਗਿਆ। ਪੁਲਿਸ ਨੇ ਕਿਹਾ ਕਿ ਧਮਕੀ ਨੂੰ ਗੰਭੀਰਤਾ ਨਾਲ ਲਿਆ ਜਾ ਰਿਹਾ ਹੈ ਅਤੇ ਸਾਰੇ ਪ੍ਰਭਾਵਿਤ ਸਕੂਲਾਂ ਵਿੱਚ ਤਲਾਸ਼ੀ ਮੁਹਿੰਮ ਚਲਾਈ ਜਾ ਰਹੀ ਹੈ। ਕੋਈ ਸ਼ੱਕੀ ਵਸਤੂ ਬਰਾਮਦ ਨਹੀਂ ਹੋਈ ਹੈ, ਪਰ ਸਾਵਧਾਨੀ ਦੇ ਤੌਰ 'ਤੇ, ਜਾਂਚ ਜਾਰੀ ਹੈ। ਪ੍ਰਸ਼ਾਸਨ ਨੇ ਮਾਪਿਆਂ ਨੂੰ ਸ਼ਾਂਤ ਰਹਿਣ ਅਤੇ ਕਿਸੇ ਵੀ ਤਰ੍ਹਾਂ ਦੀਆਂ ਅਫਵਾਹਾਂ ਨੂੰ ਨਜ਼ਰਅੰਦਾਜ਼ ਕਰਨ ਦੀ ਅਪੀਲ ਕੀਤੀ ਹੈ। ਸਾਈਬਰ ਸੁਰੱਖਿਆ ਟੀਮ ਈਮੇਲ ਦੇ ਸਰੋਤ ਦਾ ਪਤਾ ਲਗਾਉਣ ਲਈ ਕੰਮ ਕਰ ਰਹੀ ਹੈ। ਇਹ ਧਿਆਨ ਦੇਣ ਯੋਗ ਹੈ ਕਿ ਪਿਛਲੇ ਕੁਝ ਮਹੀਨਿਆਂ ਵਿੱਚ ਗੁਰੂਗ੍ਰਾਮ ਅਤੇ ਆਸ ਪਾਸ ਦੇ ਇਲਾਕਿਆਂ ਵਿੱਚ ਕਈ ਵਾਰ ਇਸ ਤਰ੍ਹਾਂ ਦੀਆਂ ਧਮਕੀਆਂ ਸਾਹਮਣੇ ਆਈਆਂ ਹਨ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਬਾਅਦ ਵਿੱਚ ਝੂਠੀਆਂ ਸਾਬਤ ਹੋਈਆਂ ਹਨ।




## ਪੰਜਾਬ ਦੇ ਸਕੂਲਾਂ ਨੂੰ ਵੀ ਧਮਕੀਆਂ ਮਿਲਣ ਦਾ ਸਿਲਸਿਲਾ ਜਾਰੀ; ਹੁਣ ਲੁਧਿਆਣਾ ਦੇ ਸਕੂਲ ਨੂੰ ਮਿਲੀ ਧਮਕੀ

**ਪੰਜਾਬ** ਦੇ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਲਗਾਤਾਰ ਮਿਲ ਰਹੀਆਂ ਹਨ। ਤਾਜ਼ਾ ਮਾਮਲਾ ਲੁਧਿਆਣਾ ਦੇ ਪੱਖੋਵਾਲ ਸਥਿਤ ਡੀਏਵੀ ਪਬਲਿਕ ਸਕੂਲ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਹੈ। ਮਿਲੀ ਜਾਣਕਾਰੀ ਮੁਤਾਬਿਕ ਸਕੂਲ ਦੇ ਸਟਾਫ ਨੂੰ ਈਮੇਲ ਰਾਹੀਂ ਸਕੂਲ ਨੂੰ ਉਡਾਉਣ ਦੀ ਧਮਕੀ ਮਿਲੀ ਹੈ। ਜਿਸਦੀ ਜਾਣਕਾਰੀ ਨੇੜਲੇ ਪੁਲਿਸ ਸਟੇਸ਼ਨ ਨੂੰ ਦਿੱਤੀ ਗਈ। ਫਿਲਹਾਲ ਪੁਲਿਸ ਵੱਲੋਂ ਮਾਮਲੇ ਸਬੰਧੀ ਜਾਂਚ ਕੀਤੀ ਜਾ ਰਹੀ ਹੈ। ਦੱਸ ਦਈਏ ਕਿ ਸਕੂਲਾਂ 'ਚ ਪ੍ਰੀਖਿਆਵਾਂ ਚੱਲ ਰਹੀਆਂ ਹਨ ਇਸ ਵਿਚਾਲੇ ਇਹ ਧਮਕੀ ਹਾਸਿਲ ਹੋਈ ਹੈ, ਜਿਸ ਕਾਰਨ ਹੁਣ ਸਕੂਲਾਂ ਨੂੰ ਖਾਲੀ ਕਰਵਾ ਲਿਆ ਗਿਆ ਹੈ। ਸਕੂਲ 'ਚ ਤੀਜੀ ਤੋਂ ਲੈ ਕੇ 9ਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਦੀ ਪ੍ਰੀਖਿਆ ਚੱਲ ਰਹੀ ਸੀ। ਪੂਰੇ ਖੇਤਰ ਵਿੱਚ ਦਹਿਸ਼ਤ ਫੈਲ ਗਈ। ਵੱਡੀ ਗਿਣਤੀ ਵਿੱਚ ਪੁਲਿਸ ਟੀਮਾਂ ਬੰਬ ਡਿਸਪੋਜ਼ਲ ਸਕੁਐਡ (ਬੀਡੀਡੀਐਸ) ਅਤੇ ਡੌਗ ਸਕੁਐਡ ਦੇ ਨਾਲ ਮੌਕੇ 'ਤੇ ਪਹੁੰਚੀਆਂ। ਸੁਰੱਖਿਆ ਕਾਰਨਾਂ ਕਰਕੇ, ਸਕੂਲ ਨੂੰ ਤੁਰੰਤ ਖਾਲੀ ਕਰਵਾ ਲਿਆ ਗਿਆ, ਅਤੇ ਵਿਦਿਆਰਥੀਆਂ ਅਤੇ ਸਟਾਫ ਨੂੰ ਸੁਰੱਖਿਅਤ ਥਾਵਾਂ 'ਤੇ ਲਿਜਾਇਆ ਗਿਆ। ਪੁਲਿਸ ਨੇ ਆਲੇ ਦੁਆਲੇ ਦੇ ਖੇਤਰਾਂ ਨੂੰ ਵੀ ਘੇਰ ਲਿਆ ਅਤੇ ਸੀਲ ਕਰ ਦਿੱਤਾ ਅਤੇ ਪੂਰੀ ਤਲਾਸ਼ੀ ਮੁਹਿੰਮ ਸ਼ੁਰੂ ਕੀਤੀ।

## ਸੁਖਬੀਰ ਸਿੰਘ ਬਾਦਲ ਵੱਲੋਂ 'ਸਿਆਸੀ ਦਹਾੜ' : ਖੰਨਾ ਤੇ ਜਗਰਾਉਂ ਨੂੰ ਬਣਾਇਆ ਜਾਵੇਗਾ ਜ਼ਿਲ੍ਹਾ



**ਲੁਧਿਆਣਾ, 10 ਮਾਰਚ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਵੱਲੋਂ ਕਾਦੀਆਂ ਤੋਂ ਸ਼ੁਰੂ ਕੀਤੀ ਗਈ ਪੰਜਾਬ ਬਚਾਓ ਰੈਲੀ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਅਕਾਲੀ ਦਲ ਦੀ ਪੰਜਾਬ ਬਚਾਓ ਰੈਲੀ ਖੰਨਾ ਦੀ ਦਾਣਾ ਮੰਡੀ 'ਚ ਕਰਵਾਈ ਗਈ। ਜਿੱਥੇ ਸੂਬੇ ਦੀ ਸਮੁੱਚੀ ਲੀਡਰਸ਼ਿਪ ਨੇ ਸ਼ਿਰਕਤ ਕੀਤੀ। ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ 'ਚ ਅਕਾਲੀ ਵਰਕਰ ਜੁਟੇ ਹਨ। ਸੂਬੇ ਦੇ 40 ਹਲਕਿਆਂ 'ਚ ਪੰਜਾਬ ਬਚਾਓ ਰੈਲੀਆਂ ਕੀਤੀਆਂ ਜਾਣਗੀਆਂ। ਇਸ ਦੌਰਾਨ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪੰਜਾਬ ਸਰਕਾਰ ਨੂੰ ਘੇਰਦੇ ਹੋਏ ਕਿਹਾ ਕਿ ਅਰਵਿੰਦ ਕੇਜਰੀਵਾਲ ਦਾ ਸਾਰਾ ਖਰਚਾ ਪੰਜਾਬ ਸਰਕਾਰ ਚੁੱਕਦੀ ਹੈ। ਰਾਜਸਭਾ ਦੇ ਸਾਰੇ ਐਮਪੀ ਪੰਜਾਬ ਤੋਂ ਬਾਹਰ ਦੇ ਹਨ। ਇਸ ਸਮੇਂ ਪੰਜਾਬ 'ਚ ਗੈਂਗਸਟਰਾਂ ਅਤੇ ਨਸ਼ਾ ਵੇਚਣ ਵਾਲਿਆਂ ਦਾ ਰਾਜ ਹੈ। ਉਨ੍ਹਾਂ ਨੇ ਕਿਹਾ ਕਿ ਪੰਜਾਬ ਦਾ ਵਿਕਾਸ ਅਕਾਲੀ ਸਰਕਾਰ ਦੇ ਸਮੇਂ ਹੋਇਆ। ਅਕਾਲੀ ਦਲ ਜਾਣਕਾਰੀ ਉਨ੍ਹਾਂ ਨੇ ਅੱਗੇ ਕਿਹਾ ਕਿ ਪੰਜਾਬ ਨੂੰ ਬਚਾਉਣ ਲਈ ਸੂਬੇ 'ਚ ਡਰ ਦਾ ਮਾਹੌਲ ਖਤਮ ਕਰਨਾ ਬੇਹੱਦ ਜ਼ਰੂਰੀ ਹੈ। ਗੈਂਗਸਟਰਾਂ ਅਤੇ ਨਸ਼ਾ ਤਸਕਰਾਂ ਖਿਲਾਫ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ। ਗੈਂਗਸਟਰਾਂ ਖਿਲਾਫ ਕਾਨੂੰਨ ਬਣਾਇਆ ਜਾਵੇਗਾ ਅਤੇ 10 ਸਾਲ ਤੱਕ ਉਨ੍ਹਾਂ ਨੂੰ ਜਮਾਨਤ ਵੀ ਨਹੀ ਦਿੱਤੀ ਜਾਵੇਗੀ। ਨਾਲ ਹੀ ਗੈਂਗਸਟਰਾਂ ਦੀ ਜਾਇਦਾਦ ਨੂੰ ਜ਼ਬਤ ਵੀ ਕੀਤਾ ਜਾਵੇਗਾ। ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਇਹ ਵੀ ਕਿਹਾ ਕਿ ਪੰਜਾਬ ਦਾ ਪਾਣੀ ਕਿਸੇ ਬਾਹਰੀ ਸੂਬੇ ਨੂੰ ਨਹੀਂ ਦਿੱਤਾ ਜਾਵੇਗਾ। ਨਹਿਰਾਂ ਬਣਾ ਕੇ ਪੰਜਾਬ ਦਾ ਪਾਣੀ ਪੰਜਾਬ 'ਚ ਰੱਖਿਆ ਜਾਵੇਗਾ। ਸਰਕਾਰ ਬਣਨ 'ਤੇ ਨੀਲੇ ਕਾਰਡ ਮੁੜ ਤੋਂ ਬਣਾਏ ਜਾਣਗੇ। ਇਸ ਤੋਂ ਇਲਾਵਾ ਬਜ਼ੁਰਗਾਂ ਨੂੰ 3100 ਰੁਪਏ ਮਹੀਨਾ ਪੈਨਸ਼ਨ ਦਿੱਤੀ ਜਾਵੇਗੀ। ਸ਼ਗਨ ਸਕੀਮ ਰਾਹੀਂ ਕੁੜੀਆਂ ਨੂੰ 1 ਲੱਖ ਰੁਪਇਆ ਦਿੱਤਾ ਜਾਵੇਗਾ। ਨੌਜਵਾਨਾਂ ਨੂੰ ਰੋਜ਼ਗਾਰ ਸ਼ੁਰੂ ਕਰਨ ਲਈ 10 ਲੱਖ ਰੁਪਏ ਤੱਕ ਦਾ ਲੋਨ ਵੀ ਦਿੱਤਾ ਜਾਵੇਗਾ। ਹਰ ਇੱਕ ਜ਼ਿਲ੍ਹੇ 'ਚ ਇੱਕ ਮੈਡੀਕਲ ਕਾਲਜ ਖੋਲ੍ਹਿਆ ਜਾਵੇਗਾ।

## "ਪਰਦੇ ਪਿੱਛੇ ਬਣੀ ਕਮੇਟੀ ਦਾ ਖੁਲਾਸਾ ਕੀਤਾ ਜਾਵੇ, ਨਹੀਂ ਤਾਂ ਸੰਗਤ ਸਾਹਮਣੇ ਆ ਕੇ ਸੱਚ ਸਾਬਤ ਕਰੋ" - ਜਥੇਦਾਰ ਬਲਦੇਵ ਸਿੰਘ

**ਬਰਮਿੰਘਮ, 10 ਮਾਰਚ (ਆਵਾਜ਼ਿ ਕੌਮ ਬਿਊਰੋ)**-ਇੰਗਲੈਂਡ ਦੇ ਬਰਮਿੰਘਮ ਵਿਖੇ ਸਥਿਤ ਗੁਰਦੁਆਰਾ ਬਾਬਾ ਸੰਗ ਸਾਹਿਬ ਨਾਲ ਸੰਬੰਧਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਥਿਤ ਬੇਅਦਬੀ ਦੇ ਮਾਮਲੇ ਨੂੰ ਲੈ ਕੇ ਜਥੇਦਾਰ ਬਲਦੇਵ ਸਿੰਘ ਨੇ ਸਖ਼ਤ ਨੋਟਿਸ ਲੈਂਦਿਆਂ ਕੜੇ ਸਵਾਲ ਉਠਾਏ ਹਨ। ਉਨ੍ਹਾਂ ਕਿਹਾ ਕਿ ਕੁਝ ਸਾਲ ਪਹਿਲਾਂ ਇਸ ਮਾਮਲੇ ਨੂੰ ਪੰਥਕ ਪੱਧਰ 'ਤੇ ਗੰਭੀਰਤਾ ਨਾਲ ਵਿਚਾਰਦੇ ਹੋਏ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਉਸ ਸਮੇਂ ਦੇ ਕਾਰਜਕਾਰੀ ਜਥੇਦਾਰ

ਆਵਾਜ਼ਿ ਕੌਮ AWAZE QAUM International Newspaper & WEB TV

ਗਿਆਨੀ ਹਰਪ੍ਰੀਤ ਸਿੰਘ ਦੀ ਅਗਵਾਈ ਹੇਠ ਪੰਜ ਸਿੰਘ ਸਾਹਿਬਾਨਾਂ ਨੇ ਇੰਗਲੈਂਡ ਵਿੱਚ ਪੰਜ ਮੈਂਬਰੀ ਜਾਂਚ ਕਮੇਟੀ ਬਣਾਈ ਸੀ। ਇਸ ਕਮੇਟੀ ਦੀ ਅਗਵਾਈ ਜਥੇਦਾਰ ਬਲਦੇਵ ਸਿੰਘ ਨੂੰ ਸੌਂਪੀ ਗਈ ਸੀ ਅਤੇ ਕਮੇਟੀ ਨੂੰ ਪੂਰੇ ਮਾਮਲੇ ਦੀ ਜਾਂਚ ਕਰਕੇ ਆਪਣੀ ਰਿਪੋਰਟ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਭੇਜਣ ਦੀ ਜ਼ਿੰਮੇਵਾਰੀ ਦਿੱਤੀ ਗਈ ਸੀ।



ਜਥੇਦਾਰ ਬਲਦੇਵ ਸਿੰਘ ਨੇ ਦੱਸਿਆ ਕਿ ਕਮੇਟੀ ਵੱਲੋਂ ਮੌਕੇ 'ਤੇ ਜਾ ਕੇ ਕੀਤੀ ਗਈ ਜਾਂਚ ਅਤੇ ਇਕੱਠੇ ਕੀਤੇ ਤੱਥਾਂ ਦੇ ਆਧਾਰ 'ਤੇ ਤਿਆਰ ਕੀਤੀ ਰਿਪੋਰਟ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਭੇਜੀ ਗਈ ਸੀ, ਜਿਸ ਵਿੱਚ ਗੁਰਦੁਆਰਾ ਬਾਬਾ ਸੰਗ ਸਾਹਿਬ ਵਿਖੇ ਹੋਈ ਬੇਅਦਬੀ ਲਈ ਮਨਵੀਰ ਸਿੰਘ ਨੂੰ ਜ਼ਿੰਮੇਵਾਰ ਕਰਾਰ ਦਿੱਤਾ ਗਿਆ ਸੀ। ਇਸ ਤੋਂ ਬਾਅਦ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਮਨਵੀਰ ਸਿੰਘ ਨੂੰ ਤਲਬ ਕਰਕੇ ਪੇਸ਼ ਹੋਣ ਦੇ ਹੁਕਮ ਜਾਰੀ ਕੀਤੇ ਗਏ ਸਨ, ਪਰ ਅੱਜ ਤੱਕ ਉਹ ਨਾ ਤਾਂ ਸ੍ਰੀ ਅਕਾਲ ਤਖ਼ਤ ਸਾਹਿਬ ਅੱਗੇ ਪੇਸ਼ ਹੋਏ ਹਨ ਅਤੇ ਨਾ ਹੀ ਉਨ੍ਹਾਂ ਵੱਲੋਂ ਕੋਈ ਲਿਖਤੀ ਮਾਫ਼ੀ ਮੰਗੀ ਗਈ ਹੈ।

ਉਨ੍ਹਾਂ ਕਿਹਾ ਕਿ ਹੈਰਾਨੀ ਦੀ ਗੱਲ ਹੈ ਕਿ ਹੁਣ ਇਹ ਦੱਸਿਆ ਜਾ ਰਿਹਾ ਹੈ ਕਿ ਨਵੇਂ ਜਥੇਦਾਰ ਕੁਲਦੀਪ ਸਿੰਘ ਗੜਗੱਜ ਵੱਲੋਂ ਕਿਸੇ ਹੋਰ ਕਮੇਟੀ ਦਾ ਗਠਨ ਕਰਕੇ ਇਸ ਮਾਮਲੇ ਦੀ ਮੁੜ ਜਾਂਚ ਕਰਵਾਈ ਗਈ ਹੈ। ਪਰ ਇਸ ਕਮੇਟੀ ਦੇ ਗਠਨ ਬਾਰੇ ਨਾ ਤਾਂ ਇੰਗਲੈਂਡ ਦੀਆਂ ਗੁਰਦੁਆਰਾ ਕਮੇਟੀਆਂ ਨੂੰ ਕੋਈ ਜਾਣਕਾਰੀ ਦਿੱਤੀ ਗਈ, ਨਾ ਹੀ ਸੰਗਤਾਂ ਨੂੰ ਅਤੇ ਨਾ ਹੀ ਇਸ ਬਾਰੇ ਕਿਸੇ ਅਖਬਾਰ ਜਾਂ ਜਨਤਕ ਮੰਚ 'ਤੇ ਕੋਈ ਜਾਣਕਾਰੀ ਸਾਹਮਣੇ ਆਈ। ਉਨ੍ਹਾਂ ਕਿਹਾ ਕਿ ਪਰਦੇ ਦੇ ਪਿੱਛੇ ਬਣਾਈ ਗਈ ਕਿਸੇ ਵੀ ਕਮੇਟੀ ਦੇ ਆਧਾਰ 'ਤੇ ਪਹਿਲਾਂ ਕੀਤੀ ਗਈ ਪੰਥਕ ਜਾਂਚ ਨੂੰ ਰੱਦ ਕਰ ਦੇਣਾ ਗੰਭੀਰ ਸਵਾਲ ਖੜੇ ਕਰਦਾ ਹੈ।

ਜਥੇਦਾਰ ਬਲਦੇਵ ਸਿੰਘ ਨੇ ਸਪੱਸ਼ਟ ਕਿਹਾ ਕਿ ਜੇਕਰ ਅਜਿਹੀ ਕੋਈ ਕਮੇਟੀ ਬਣਾਈ ਗਈ ਹੈ ਤਾਂ ਉਸ ਦੇ ਮੈਂਬਰਾਂ ਦੇ ਨਾਮ, ਉਸ ਦੀ ਜਾਂਚ ਪ੍ਰਕਿਰਿਆ ਅਤੇ ਉਸ ਦੇ ਨਤੀਜੇ ਸੰਗਤਾਂ ਸਾਹਮਣੇ ਰੱਖੇ ਜਾਣ। ਉਨ੍ਹਾਂ ਪੁੱਛਿਆ ਕਿ ਬਿਨਾਂ ਮੌਕੇ 'ਤੇ ਜਾ ਕੇ ਜਾਂਚ ਕੀਤੇ ਅਤੇ ਬਿਨਾਂ ਸੰਬੰਧਿਤ ਪੱਖਾਂ ਨਾਲ ਗੱਲਬਾਤ ਕੀਤੇ ਕਿਵੇਂ ਇਹ ਨਤੀਜਾ ਕੱਢਿਆ ਗਿਆ ਕਿ ਗੁਰਦੁਆਰਾ ਬਾਬਾ ਸੰਗ ਸਾਹਿਬ ਵਿਖੇ ਕੋਈ ਬੇਅਦਬੀ ਨਹੀਂ ਹੋਈ।

ਉਨ੍ਹਾਂ ਇਸ ਕਮੇਟੀ ਨੂੰ ਖੁੱਲ੍ਹਾ ਚੈਲੇਂਜ ਕਰਦਿਆਂ ਕਿਹਾ ਕਿ ਜੇਕਰ ਉਹ ਆਪਣੇ ਫੈਸਲੇ 'ਤੇ ਕਾਇਮ ਹਨ ਤਾਂ ਗੁਰਦੁਆਰਾ ਬਾਬਾ ਸੰਗ ਸਾਹਿਬ ਵਿਖੇ ਸੰਗਤ ਦੇ ਸਾਹਮਣੇ ਜਾਂ ਮੀਡੀਆ ਦੇ ਰਾਹੀਂ ਖੁੱਲ੍ਹੀ ਚਰਚਾ ਲਈ ਸਾਹਮਣੇ ਆਉਣ। ਉਨ੍ਹਾਂ ਕਿਹਾ ਕਿ ਉਹ ਖੁਦ ਵੀ ਉੱਥੇ ਹਾਜ਼ਰ ਹੋਣਗੇ ਤਾਂ ਜੋ ਸੱਚਾਈ ਸੰਗਤਾਂ ਦੇ ਸਾਹਮਣੇ ਆ ਸਕੇ ਕਿ ਉੱਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਹੋਈ ਸੀ ਜਾਂ ਨਹੀਂ।

ਜਥੇਦਾਰ ਬਲਦੇਵ ਸਿੰਘ ਨੇ ਅੰਤ ਵਿੱਚ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਮਰਯਾਦਾ ਅਤੇ ਸਤਿਕਾਰ ਸਿੱਖ ਪੰਥ ਲਈ ਸਭ ਤੋਂ ਉੱਚਾ ਮਾਮਲਾ ਹੈ ਅਤੇ ਇਸ ਨਾਲ ਸੰਬੰਧਿਤ ਕਿਸੇ ਵੀ ਮਾਮਲੇ ਵਿੱਚ ਗੁਪਤ ਤਰੀਕੇ ਨਾਲ ਜਾਂ ਪਰਦੇ ਪਿੱਛੇ ਫੈਸਲੇ ਕਰਨਾ ਪੰਥਕ ਪਰੰਪਰਾਵਾਂ ਅਤੇ ਸੰਗਤਾਂ ਦੇ ਵਿਸ਼ਵਾਸ ਦੇ ਖ਼ਿਲਾਫ਼ ਹੈ। ਇਸ ਲਈ ਲੋੜ ਹੈ ਕਿ ਪੂਰਾ ਮਾਮਲਾ ਪਾਰਦਰਸ਼ੀ ਤਰੀਕੇ ਨਾਲ ਸੰਗਤਾਂ ਦੇ ਸਾਹਮਣੇ ਰੱਖਿਆ ਜਾਵੇ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਨਗਰ ਕੀਰਤਨ ਐਤਵਾਰ 29 ਮਾਰਚ ਨੂੰ

ਨਗਰ ਕੀਰਤਨ ਦਾ ਸਮਾਂ : 12 ਵਜੇ ਅਰੰਭਤਾ ਅਤੇ 5 ਵਜੇ ਸਮਾਪਤੀ ਹੋਵੇਗੀ।
ਹੋਲੇ ਮਹੱਲੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

ਸ਼ਨਿੱਚਰਵਾਰ 28 ਮਾਰਚ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।

ਐਤਵਾਰ 29 ਮਾਰਚ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ।

ਢਾਡੀ ਜਥਾ, ਰਾਗੀ ਜਥਾ , ਕਥਾ ਵਾਚਕ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਤਰਾਂ-ਤਰਾਂ ਸਟਾਲ ਵੀ ਲੱਗਣਗੇ ☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾਂ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

# ਪੰਥ ਅਕਾਲੀ ਤਰਨਾ ਦਲ ਵੱਲੋਂ ਗੋਲਡ ਮੈਡਲਿਸਟ ਢਾਡੀ ਗਿਆਨੀ ਗੁਰਬਚਨ ਸਿੰਘ ਅਣਖੀ ਤੇ ਗਿਆਨੀ ਹਰਮੇਲ ਸਿੰਘ ਦਿਲਬਰ ਨੂੰ ਯੂਰਪ, ਇੰਗਲੈਂਡ ਦਾ ਜਥੇਦਾਰ ਥਾਪਿਆ ਗਿਆ

## ਭਾਈ ਰਘਵੀਰ ਸਿੰਘ, ਭਾਈ ਪਰਮਜੀਤ ਸਿੰਘ ਢਾਡੀ, ਭਾਈ ਕਪਤਾਨ ਸਿੰਘ ਤੇ ਸਮੂਹ ਇੰਟਰਨੈਸ਼ਨਲ ਪੰਥਕ ਦਲ ਨੁਮਾਇੰਦਿਆਂ ਵੱਲੋਂ ਵਧਾਈਆਂ







ਪੰਥ ਅਕਾਲੀ ਤਰਨਾ ਦਲ ਵੱਲੋਂ ਗੋਲਡ ਮੈਡਲਿਸਟ ਢਾਡੀ ਗਿਆਨੀ ਗੁਰਬਚਨ ਸਿੰਘ ਅਣਖੀ ਤੇ ਗਿਆਨੀ ਹਰਮੇਲ ਸਿੰਘ ਦਿਲਬਰ ਨੂੰ ਯੂਰਪ, ਇੰਗਲੈਂਡ ਦਾ ਜਥੇਦਾਰ ਥਾਪਿਆ ਗਿਆ ਹੈ। ਇਸ ਸੰਬੰਧੀ ਸੰਖੇਪ 'ਚ ਜਾਣਕਾਰੀ ਦਿੰਦਿਆਂ ਜਥੇਦਾਰ ਬਾਬਾ ਰਣਜੀਤ ਸਿੰਘ, ਪੰਥ ਅਕਾਲੀ ਤਰਨਾ ਦਲ, ਚਲਦਾ ਵਹੀਰ ਚੱਕਰਵਤੀ ਨਿਹੰਗ ਸਿੰਘ ਪੰਜਾਬ ਹਿੰਦੁਸਤਾਨ ਨੇ ਸਮੂਹ ਸੰਗਤ ਨੂੰ ਬੇਨਤੀ ਕੀਤੀ ਕਿ ਜਥੇਦਾਰ ਗਿਆਨੀ ਗੁਰਬਚਨ ਸਿੰਘ ਅਣਖੀ ਸਾਹਿਬ ਜੀ ਤੇ ਜਥੇਦਾਰ ਗਿਆਨੀ ਹਰਮੇਲ ਸਿੰਘ ਦਿਲਬਰ ਸਾਹਿਬ ਜੀ ਦਾ ਤਨ, ਮਨ ਤੇ ਧਨ ਨਾਲ ਸਹਿਯੋਗ ਕਰਨ ਤਾਂ ਜੋ ਦਲ ਪੰਥ ਦੇ ਪੜ੍ਹਾਵਾਂ ਤੇ ਇਤਿਹਾਸਕ ਅਸਥਾਨਾਂ ਤੇ ਘੋੜਿਆਂ ਤੇ ਸਿੰਘਾਂ ਦੀ ਲੰਗਰਾਂ ਦੀ ਸੇਵਾ ਹੋ ਸਕੇ। ਸਾਰੀ ਗੁਰੂ ਨਾਨਕ ਨਾਮ ਲੇਵਾ ਸਾਧ ਸੰਗਤ ਜੀ ਇੰਨੀਆਂ ਬੇਨਤੀਆਂ ਪ੍ਰਵਾਨ ਕਰਨ।

ਆਵਾਜ਼ਿ ਕੌਮ
AWAZE QAUM
International Newspaper & WEB TV


ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ। ਨਾ ਸਰੇ ਮਨਜੂਰ ਗੁਰੂ ਗੋਬਿੰਦ ਸਿੰਘ ਜੀ। M. 81464-29412 M. 88729-29799

ਪੰਥ ਅਕਾਲੀ ਤਰਨਾ ਦਲ

ਚਲਦਾ ਵਹੀਰ ਚੱਕਰਵਤੀ ਨਿਹੰਗ ਸਿੰਘ ਪੰਜਾਬ ਹਿੰਦੁਸਤਾਨ
ਰਜਿ: ਨੋਟੀਫਿਕੇਸ਼ਨ ਨੰ: ਐਕਸ.ਐਕਸ.ਆਈ. 1860 ਗੌਰਮਿੰਟ ਮਿਸਲ ਸ਼ਹੀਦ ਬਾਬਾ ਬੋਤਾ ਸਿੰਘ ਜੀ, ਬਾਬਾ ਗਰਜਾ ਸਿੰਘ ਜੀ ਪੜਾਅ ਨਿਹੰਗ ਸਿੰਘ ਛਾਉਣੀ
ਗੁ: ਟਿੱਬਾ ਸਾਹਿਬ, ਪਿੰਡ ਭੋਲ ਬਾਘੇ ਤਹਿ: ਬਟਾਲਾ, ਥਾਣਾ ਘੁਮਾਣ, ਗੁਰਦਾਸਪੁਰ।
ਹੈਡ ਕੁਆਟਰ - ਪਿੰਡ ਭੋਲ ਬਾਘੇ ਤਹਿ: ਬਟਾਲਾ, ਜ਼ਿਲ੍ਹਾ ਗੁਰਦਾਸਪੁਰ।

ਜਥੇਦਾਰ ਬਾਬਾ ਰਣਜੀਤ ਸਿੰਘ

ਨੰ..........

ਮਿਤੀ 26-12-2025

॥ ੴ ਸ੍ਰੀ ਵਾਹਿਗੁਰੂ ਜੀ ਕੀ ਫਤਹਿ ॥







ਇਸ ਮੌਕੇ ਭਾਈ ਰਘਵੀਰ ਸਿੰਘ ਵਾਲਸਾਲ ਐਡੀਟਰ-ਇਨ-ਚੀਫ਼ ਆਵਾਜ਼ਿ-ਕੌਮ ਅੰਤਰ-ਰਾਸ਼ਟਰੀ ਅਖ਼ਬਾਰ ਤੇ ਵੈਬ ਚੈਨਲ ਤੇ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ, ਯੂ. ਕੇ., ਭਾਈ ਪਰਮਜੀਤ ਸਿੰਘ ਢਾਡੀ ਵੈਨਸਫੀਲਡ, ਅੰਤਰਰਾਸ਼ਟਰੀ ਚੀਫ਼ ਆਰਗੇਨਾਈਜ਼ਰ ਇੰਟਰਨੈਸ਼ਨਲ ਪੰਥਕ ਦਲ ਅਤੇ ਭਾਈ ਕਪਤਾਨ ਸਿੰਘ (ਇੰਗਲੈਂਡ) ਜਨਰਲ ਸਕੱਤਰ ਅਤੇ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ, ਯੂ. ਕੇ. ਨੇ ਗੋਲਡ ਮੈਡਲਿਸਟ ਢਾਡੀ ਗਿਆਨੀ ਗੁਰਬਚਨ ਸਿੰਘ ਅਣਖੀ ਤੇ ਗਿਆਨੀ ਹਰਮੇਲ ਸਿੰਘ ਦਿਲਬਰ ਨੂੰ ਯੂਰਪ ਨੂੰ ਵਧਾਈਆਂ ਦਿੱਤੀਆਂ ਅਤੇ ਹਰ ਤਰ੍ਹਾਂ ਦੇ ਸਹਿਯੋਗ ਦਾ ਭਰੋਸਾ ਦਿੱਤਾ।


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ੇ ਕੌਮ AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## ਨਾਨਕਸ਼ਾਹੀ ਸੰਮਤ 558 ਅਨੁਸਾਰ ਨਵੇਂ ਸਾਲ ਦੀ ਅਰੰਭਤਾ ਹੋਣ ਜਾ ਰਹੀ ਹੈ

ਸ਼ੁੱਕਰਵਾਰ 13 ਮਾਰਚ ਸ਼ਾਮ ਨੂੰ 6:30 ਦੀਵਾਨਾ ਦੀ ਅਰੰਭਤਾ ਹੋਵੇਗੀ ਅਤੇ ਰਾਤ 12:30 ਵਜੇ ਦੀਵਾਨਾ ਸਮਾਪਤੀ ਹੋਵੇਗੀ।

## ਸੰਗਰਾਂਦ ਰਾਤ 12 ਵਜੇ ਬਾਰਾਂ ਮਾਹ ਦੀ ਬਾਣੀ ਪਾਠ ਹੋਵੇਗਾ।

ਰਾਗੀ ਜਥੇ ਕੀਰਤਨ ਦੀ ਹਾਜ਼ਰੀ ਭਰਨਗੇ ਅਤੇ ਕਥਾ ਵਾਚਕ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰੀ ਕਰਨਾ ਜੀ
☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾਂ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778





### ਐਚਐਮਈਐਲ ਨੇ 1000 ਸਵੈ ਸਹਾਇਤਾ ਸਮੂਹ ਦੀਆਂ ਮਹਿਲਾਵਾਂ ਨਾਲ ਮਨਾਇਆ ਅੰਤਰਰਾਸ਼ਟਰੀ ਮਹਿਲਾ ਦਿਵਸ

# ਆਤਮਨਿਰਭਰ ਮਹਿਲਾਵਾਂ ਨੇ ਆਪਣੀਆਂ ਸਫਲਤਾ ਦੀਆਂ ਕਹਾਣੀਆਂ ਸਾਂਝੀਆਂ ਕਰਕੇ ਕੀਤਾ ਪ੍ਰੇਰਿਤ

## ਪਿੰਡਾਂ ਦੀਆਂ ਮਹਿਲਾਵਾਂ ਵੱਲੋਂ ਤਿਆਰ ਉਤਪਾਦਾਂ ਦੀ ਪ੍ਰਦਰਸ਼ਨੀ, ਖੇਡ ਮੁਕਾਬਲੇ ਅਤੇ ਸੱਭਿਆਚਾਰਕ ਸਮਾਗਮ ਵੀ ਕਰਵਾਏ ਗਏ

ਤਲਵੰਡੀ ਸਾਬੋ, 10 ਮਾਰਚ (ਗੁਰਜੰਟ ਸਿੰਘ ਨਥੇਹਾ)- ਮਹਿਲਾਵਾਂ ਨੂੰ ਆਤਮਨਿਰਭਰ ਅਤੇ ਸਸ਼ਕਤ ਬਣਾਉਣ ਲਈ ਆਪਣੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਐਚਐਮਈਐਲ ਗੁਰੂ ਗੋਬਿੰਦ ਸਿੰਘ ਰਿਫਾਇਨਰੀ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ 10 ਮਾਰਚ 2026 ਨੂੰ ਸਿਲਵਰ ਕਾਸਲ, ਰਾਮਾਂ ਮੰਡੀ ਵਿਖੇ ਇੱਕ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ 'ਤੇ ਸਵੈ ਸਹਾਇਤਾ ਸਮੂਹਾਂ ਵਿੱਚ ਕੰਮ ਕਰ ਰਹੀਆਂ ਲਗਭਗ 1000 ਮਹਿਲਾਵਾਂ ਨੂੰ ਇੱਕ ਮੰਚ 'ਤੇ ਇਕੱਠਾ ਕਰਕੇ ਉਨ੍ਹਾਂ ਵਿੱਚ ਆਤਮਵਿਸ਼ਵਾਸ ਪੈਦਾ ਕੀਤਾ ਗਿਆ। ਨਾਲ ਹੀ ਆਪਣੀ ਮਿਹਨਤ ਅਤੇ ਲਗਨ ਨਾਲ ਸਮਾਜ ਵਿੱਚ ਵਿਲੱਖਣ ਪਛਾਣ ਬਣਾਉਣ ਵਾਲੀਆਂ ਸਫਲ ਮਹਿਲਾਵਾਂ ਨੇ ਆਪਣੇ ਪ੍ਰੇਰਣਾਦਾਇਕ ਤਜਰਬੇ ਸਾਂਝੇ ਕਰਕੇ ਪਿੰਡਾਂ ਦੀਆਂ ਮਹਿਲਾਵਾਂ ਨੂੰ ਆਤਮਨਿਰਭਰ ਬਣਨ ਲਈ ਪ੍ਰੇਰਿਤ ਕੀਤਾ। ਅੰਤਰਰਾਸ਼ਟਰੀ ਮਹਿਲਾ ਦਿਵਸ 2026 ਦੀ ਥੀਮ "ਗਿਵ ਟੂ ਗੇਨ" ਦੇ ਆਧਾਰ 'ਤੇ ਕੀਤੇ ਗਏ। ਇਸ ਉਪਰਾਲੇ ਦਾ ਉਦੇਸ਼ ਮਹਿਲਾਵਾਂ ਦਾ ਸਨਮਾਨ ਕਰਨਾ, ਉਨ੍ਹਾਂ ਨੂੰ ਆਪਣੇ ਤਜਰਬੇ ਸਾਂਝੇ ਕਰਨ ਲਈ ਮੰਚ ਪ੍ਰਦਾਨ ਕਰਨਾ ਅਤੇ ਉਨ੍ਹਾਂ ਨੂੰ ਆਤਮ ਨਿਰਭਰਤਾ ਵੱਲ ਪ੍ਰੇਰਿਤ ਕਰਨਾ ਸੀ। ਇਸ ਮੌਕੇ 'ਤੇ ਐਚਐਮਈਐਲ ਗੁਰੂ ਗੋਬਿੰਦ ਸਿੰਘ ਰਿਫਾਇਨਰੀ, ਬਠਿੰਡਾ ਦੇ ਸੀਨੀਅਰ ਅਧਿਕਾਰੀਆਂ ਦੇ ਪਰਿਵਾਰਕ ਮੈਂਬਰ ਵੀ ਖਾਸ ਤੌਰ 'ਤੇ ਮੌਜੂਦ ਰਹੇ। ਉਨ੍ਹਾਂ ਨੇ ਸਵੈ ਸਹਾਇਤਾ ਸਮੂਹਾਂ ਵਿੱਚ ਸ਼ਾਨਦਾਰ ਕੰਮ ਕਰਕੇ ਸਮਾਜ ਲਈ ਪ੍ਰੇਰਣਾ ਬਣੀਆਂ ਮਹਿਲਾਵਾਂ ਦਾ ਸਨਮਾਨ ਕਰਕੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ। ਪੰਜਾਬ ਰਾਜ ਰੂਰਲ ਆਜੀਵਿਕਾ ਮਿਸ਼ਨ ਦੇ ਅਧਿਕਾਰੀਆਂ ਨੇ ਵੀ ਸਮਾਗਮ ਵਿੱਚ ਸ਼ਮੂਲੀਅਤ ਕਰਦੇ ਹੋਏ ਐਚਐਮਈਐਲ ਵੱਲੋਂ ਸਵੈ ਸਹਾਇਤਾ ਸਮੂਹਾਂ ਦੇ ਮਾਧਿਅਮ ਨਾਲ ਕੀਤੇ ਜਾ ਰਹੇ ਸਮੁਦਾਇਕ ਵਿਕਾਸ ਦੇ ਯਤਨਾਂ ਦੀ ਸਰਾਹਨਾ ਕੀਤੀ। ਸਮਾਗਮ ਦੀ ਸ਼ੁਰੂਆਤ ਤੋਂ ਅੰਤ ਤੱਕ ਸਵੈ ਸਹਾਇਤਾ ਸਮੂਹਾਂ ਦੀਆਂ ਮਹਿਲਾਵਾਂ ਦੀ ਭਾਗੀਦਾਰੀ ਬਹੁਤ ਹੀ ਉਤਸ਼ਾਹਜਨਕ ਰਹੀ। ਇਸ ਦੌਰਾਨ ਮਹਿਲਾਵਾਂ ਲਈ ਮਨੋਰੰਜਨ ਅਤੇ ਖੇਡ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਉਨ੍ਹਾਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਸਵੈ ਸਹਾਇਤਾ ਸਮੂਹਾਂ ਦੀਆਂ ਮਹਿਲਾਵਾਂ ਵੱਲੋਂ ਲੋਕ ਗੀਤ ਅਤੇ ਪੰਜਾਬੀ ਲੋਕ ਨ੍ਰਿਤਯ 'ਗਿੱਧਾ' ਵੀ ਪੇਸ਼ ਕੀਤਾ ਗਿਆ। ਇਸ ਦੌਰਾਨ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਸਮੂਹਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਸਮਾਗਮ ਦੌਰਾਨ ਸਵੈ ਸਹਾਇਤਾ ਸਮੂਹਾਂ ਵੱਲੋਂ ਤਿਆਰ ਕੀਤੇ ਉਤਪਾਦਾਂ ਦੀ ਪ੍ਰਦਰਸ਼ਨੀ ਵੀ ਲਗਾਈ ਗਈ, ਜੋ ਮਹਿਲਾਵਾਂ ਦੀ ਆਤਮ ਨਿਰਭਰਤਾ ਅਤੇ ਹੁਨਰ ਨੂੰ ਦਰਸਾਉਂਦੀ ਹੋਈ ਸਭ ਲਈ ਆਕਰਸ਼ਣ ਦਾ ਕੇਂਦਰ ਬਣੀ। ਇਸ ਮੌਕੇ 'ਤੇ ਇੱਕ ਪ੍ਰੇਰਣਾਦਾਇਕ ਆਡੀਓ-ਵਿਜ਼ੂਅਲ ਵੀ ਦਿਖਾਇਆ ਗਿਆ, ਜਿਸ ਵਿੱਚ ਐਚਐਮਈਐਲ ਵੱਲੋਂ ਗੁਰੂ ਗੋਬਿੰਦ ਸਿੰਘ ਰਿਫਾਇਨਰੀ ਦੇ ਆਲੇ-ਦੁਆਲੇ ਦੇ 59 ਪਿੰਡਾਂ ਵਿੱਚ ਮਹਿਲਾ ਸਸ਼ਕਤੀਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਅਤੇ ਉਨ੍ਹਾਂ ਨਾਲ ਆਏ ਸਕਾਰਾਤਮਕ ਸਮਾਜਿਕ ਬਦਲਾਵਾਂ ਨੂੰ ਦਰਸਾਇਆ ਗਿਆ। ਇਸ ਦੌਰਾਨ ਐਚਐਮਈਐਲ ਦੇ ਡੀਜੀਐਮ (ਸੀਐਸਆਰ) ਸ਼੍ਰੀ ਵਿਸ਼ਵਮੋਹਨ ਪ੍ਰਸਾਦ ਨੇ ਸਵੈ ਸਹਾਇਤਾ ਸਮੂਹਾਂ ਦੀਆਂ ਮਹਿਲਾਵਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਨ੍ਹਾਂ ਦੀ ਮਿਹਨਤ ਅਤੇ ਲਗਨ ਹੋਰ ਮਹਿਲਾਵਾਂ ਲਈ ਪ੍ਰੇਰਣਾ ਦਾ ਸਰੋਤ ਹੈ। ਸਮਾਗਮ ਦੌਰਾਨ ਸਵੈ ਸਹਾਇਤਾ ਸਮੂਹਾਂ ਦੀਆਂ ਸਸ਼ਕਤ ਮਹਿਲਾਵਾਂ ਨੇ ਆਪਣੀਆਂ ਸਫਲਤਾ ਦੀਆਂ ਕਹਾਣੀਆਂ ਵੀ ਸਾਂਝੀਆਂ ਕੀਤੀਆਂ ਅਤੇ ਦੱਸਿਆ ਕਿ ਕਿਵੇਂ ਉਹ ਐਚਐਮਈਐਲ ਨਾਲ ਜੁੜ ਕੇ ਆਤਮ ਨਿਰਭਰਤਾ ਵੱਲ ਵਧੀਆਂ। ਅੱਜ ਉਹ "ਲਖਪਤੀ ਦੀਦੀ" ਬਣ ਕੇ ਰਾਸ਼ਟਰੀ ਪੱਧਰ ਤੱਕ ਹੋਰਾਂ ਲਈ ਪ੍ਰੇਰਣਾ ਦਾ ਸਰੋਤ ਬਣ ਰਹੀਆਂ ਹਨ ਅਤੇ ਆਪਣੇ ਪਰਿਵਾਰ, ਪਿੰਡ ਅਤੇ ਸਮਾਜ ਵਿੱਚ ਇੱਕ ਨਵੀਂ ਪਛਾਣ ਕਾਇਮ ਕਰ ਰਹੀਆਂ ਹਨ। ਇਹ ਸਮਾਗਮ ਕੇਵਲ ਮਹਿਲਾ ਦਿਵਸ ਮਨਾਉਣ ਤੱਕ ਹੀ ਸੀਮਿਤ ਨਹੀਂ ਰਿਹਾ, ਸਗੋਂ ਇਹ ਮਹਿਲਾਵਾਂ ਵਿਚਕਾਰ ਨੈਟਵਰਕਿੰਗ, ਸੰਵਾਦ ਅਤੇ ਸਹਿਯੋਗ ਦਾ ਇੱਕ ਮਜ਼ਬੂਤ ਮੰਚ ਵੀ ਸਾਬਤ ਹੋਇਆ। ਐਚਐਮਈਐਲ ਦਾ ਮੰਨਣਾ ਹੈ ਕਿ ਇਸ ਤਰ੍ਹਾਂ ਦੇ ਉਪਰਾਲੇ ਮਹਿਲਾਵਾਂ ਵਿੱਚ ਆਤਮਵਿਸ਼ਵਾਸ ਵਧਾਉਣ ਦੇ ਨਾਲ-ਨਾਲ ਸਮਾਜ ਵਿੱਚ ਉਨ੍ਹਾਂ ਦੇ ਯੋਗਦਾਨ ਨੂੰ ਹੋਰ ਵੱਡੀ ਪਛਾਣ ਦਿਵਾਉਣ ਵਿੱਚ ਮਦਦਗਾਰ ਸਾਬਤ ਹੋਣਗੇ। ਐਚਐਮਈਐਲ ਨੂੰ ਵਿਸ਼ਵਾਸ ਹੈ ਕਿ ਅਜਿਹੇ ਉਪਰਾਲੇ ਮਹਿਲਾ ਸਸ਼ਕਤੀਕਰਨ, ਪ੍ਰੇਰਣਾ ਅਤੇ ਸਮੁਦਾਇਕ ਏਕਤਾ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੇ ਅਤੇ ਇਹ ਸਮਾਗਮ ਸਾਰੇ ਭਾਗੀਦਾਰਾਂ ਲਈ ਇੱਕ ਯਾਦਗਾਰ ਅਨੁਭਵ ਸਾਬਤ ਹੋਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV









### ਅਕਾਲ ਯੂਨੀਵਰਸਿਟੀ ਵਿੱਚ

# ਫੂਡ ਫੈਸਟ-2026 ਸਫਲਤਾ ਨਾਲ ਮੁਕੰਮਲ








ਤਲਵੰਡੀ ਸਾਬੋ, 10 ਮਾਰਚ (ਗੁਰਜੰਟ ਸਿੰਘ ਨਥੇਹਾ)- ਅਕਾਲ ਯੂਨੀਵਰਸਿਟੀ ਵਿਚ ਡੀਨ ਸਟੂਡੈਂਟ ਵੈਲਫੇਅਰ ਦਫ਼ਤਰ ਅਤੇ ਐਨਐੱਸਐੱਸ ਸੈੱਲ ਵੱਲੋਂ ਫੂਡ ਫੈਸਟ-2026 ਦਾ ਆਯੋਜਨ ਬੜੇ ਉਤਸ਼ਾਹ ਨਾਲ ਕੀਤਾ ਗਿਆ। ਇਸ ਸਮਾਗਮ ਵਿੱਚ ਲਗਭਗ 150 ਵਿਦਿਆਰਥੀਆਂ ਨੇ ਭਾਗ ਲਿਆ। ਡਾ. ਜਨਪ੍ਰੀਤ ਸਿੰਘ (ਡੀਨ ਸਟੂਡੈਂਟ ਵੈਲਫੇਅਰ) ਦੀ ਅਗਵਾਈ ਹੇਠ ਸਮਾਗਮ ਦੀ ਯੋਜਨਾ ਹੋਈ, ਜਦਕਿ ਵਿਦਿਆਰਥੀ ਕੋਆਡੀਨੇਟਰ ਵਜੋਂ ਜਗਜੋਤ ਸਿੰਘ ਅਤੇ ਸੁਖਮਨਦੀਪ ਕੌਰ ਨੇ ਮਹੱਤਵਪੂਰਨ ਭੂਮਿਕਾ ਨਿਭਾਈ। ਸਮਾਗਮ ਦੀ ਸ਼ੁਰੂਆਤ ਵਿਚ ਡਾ. ਜਨਪ੍ਰੀਤ ਸਿੰਘ ਨੇ ਸ਼ੁੱਭ ਕਾਮਨਾ ਕਰਦਿਆਂ ਵਿਦਿਆਰਥੀਆਂ ਨੂੰ ਲੀਡਰਸ਼ਿਪ, ਸਮੂਹਿਕ ਕਾਰਜ, ਇਵੈਂਟ ਮੈਨੇਜਮੈਂਟ ਅਤੇ ਰਸੋਈ ਕਲਾ ਵਿੱਚ ਹੁਨਰ ਵਧਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਯੂਨੀਵਰਸਿਟੀ ਦੇ ਮਾਣਯੋਗ ਵਾਈਸ ਚਾਂਸਲਰ, ਰਜਿਸਟਰਾਰ, ਡੀਨ ਅਕਾਦਮਿਕ ਅਫੇਅਰਜ਼ ਅਤੇ ਡਾਇਰੈਕਟਰ ਆਈਕਿਊਏਸੀ ਸਮੇਤ ਹੋਰ ਅਧਿਕਾਰੀਆਂ ਨੇ ਵੀ ਸਮਾਗਮ ਦਾ ਦੌਰਾ ਕੀਤਾ ਅਤੇ ਵਿਦਿਆਰਥੀਆਂ ਦੇ ਉਤਸ਼ਾਹ ਦੀ ਸ਼ਲਾਘਾ ਕੀਤੀ। ਫੂਡ ਫੈਸਟ-2026 ਵਿੱਚ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਦੀਆਂ 30 ਟੀਮਾਂ ਨੇ ਹਿੱਸਾ ਲਿਆ। ਹਰ ਟੀਮ ਵਿੱਚ ਪੰਜ ਮੈਂਬਰ ਸ਼ਾਮਿਲ ਸਨ। ਵਿਦਿਆਰਥੀਆਂ ਵੱਲੋਂ ਪੰਜਾਬੀ ਪਰੰਪਰਾਗਤ ਖਾਣਿਆਂ ਦੇ ਨਾਲ-ਨਾਲ ਸਟ੍ਰੀਟ ਫੂਡ, ਨਵੇਂ ਫਿਊਜ਼ਨ ਡਿਸ਼ ਅਤੇ ਮਿਠਾਈ ਨੂੰ ਵੀ ਰਚਨਾਤਮਕ ਢੰਗ ਨਾਲ ਪੇਸ਼ ਕੀਤਾ ਗਿਆ। ਖਾਸ ਖਾਣਿਆਂ ਵਿੱਚ ਫਿਟਫੁਲ ਪੰਜਾਬ, ਦੇਸ਼ ਦਾ ਹੀਰਾ ਪੰਜਾਬੀ ਜੀਰਾ, ਆਲੂ ਟਿੱਕੀ, ਭੇਲਪੁਰੀ, ਦਹੀਂ ਭੱਲੇ, ਤਿਰਾਮਿਸੂ ਅਤੇ ਰੋਲਿਨ ਪਿੰਕ ਬਾਈਟਸ ਸ਼ਾਮਿਲ ਸਨ। ਇਸ ਤਰ੍ਹਾਂ ਦੇ ਵਿਭਿੰਨ ਖਾਣਿਆਂ ਨੇ ਵਿਦਿਆਰਥੀਆਂ, ਅਧਿਆਪਕਾਂ ਅਤੇ ਯੂਨੀਵਰਸਿਟੀ ਪ੍ਰਬੰਧਕਾਂ ਨੂੰ ਖੁਸ਼ ਕਰ ਦਿੱਤਾ। ਇਸ ਸਮਾਗਮ ਰਾਹੀਂ ਵਿਦਿਆਰਥੀਆਂ ਨੂੰ ਸਿਰਫ ਖਾਣਾ ਬਣਾਉਣ ਦਾ ਹੀ ਨਹੀਂ, ਸਗੋਂ ਪਬਲਿਕ ਇੰਟਰਐਕਸ਼ਨ, ਸਮਾਗਮ ਪ੍ਰਬੰਧਨ ਅਤੇ ਟੀਮ ਵਰਕ ਵਿੱਚ ਵੀ ਮਹੱਤਵਪੂਰਨ ਅਨੁਭਵ ਮਿਲਿਆ। ਨਾਲ ਹੀ ਯੂਨੀਵਰਸਿਟੀ ਵਿੱਚ ਵੱਖ-ਵੱਖ ਵਿਭਾਗਾਂ ਦਰਮਿਆਨ ਸਾਂਝ ਮਜ਼ਬੂਤ ਹੋਈ ਅਤੇ ਐਨਐੱਸਐੱਸ ਵਲੰਟੀਅਰਾਂ ਨੂੰ ਆਪਣੀ ਲੀਡਰਸ਼ਿਪ ਦਰਸਾਉਣ ਦਾ ਮੌਕਾ ਮਿਲਿਆ। ਸਮਾਗਮ ਦੇ ਅੰਤ ਵਿੱਚ ਸਭ ਤੋਂ ਸ੍ਰੇਸ਼ਠ ਖਾਣੇ ਬਣਾਉਣ ਵਾਲੀਆਂ ਟੀਮਾਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਤਰ੍ਹਾਂ ਫੂਡ ਫੈਸਟ-2026 ਨੇ ਸਿਰਫ ਵਿਦਿਆਰਥੀਆਂ ਦੇ ਰਸੋਈ ਹੁਨਰ ਨੂੰ ਉਭਾਰਿਆ ਹੀ ਨਹੀਂ, ਸਗੋਂ ਯੂਨੀਵਰਸਿਟੀ ਦੇ ਵਿਭਾਗੀ ਰਿਸ਼ਤਿਆਂ ਨੂੰ ਵੀ ਮਜ਼ਬੂਤ ਕੀਤਾ। ਇਸ ਨਾਲ ਅਗਲੇ ਸਾਲਾਂ ਲਈ ਨਵੇਂ ਥੀਮ ਅਧਾਰਿਤ ਸਮਾਗਮਾਂ ਦਾ ਰਸਤਾ ਵੀ ਖੁੱਲਿਆ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

### ਸ਼ੇਖਪੁਰਾ ਕਬੱਡੀ ਟੂਰਨਾਮੈਂਟ ਦੌਰਾਨ

# ਮਾਸਟਰ ਬਲਦੇਵ ਸਿੰਘ ਦਾ ਵਿਸ਼ੇਸ਼ ਸਨਮਾਨ



ਤਲਵੰਡੀ ਸਾਬੋ, 10 ਮਾਰਚ (ਗੁਰਜੰਟ ਸਿੰਘ ਨਥੇਹਾ)- ਪਿੰਡ ਸ਼ੇਖਪੁਰਾ ਵਿਖੇ ਕਰਵਾਏ ਗਏ ਕਬੱਡੀ ਟੂਰਨਾਮੈਂਟ ਦੌਰਾਨ ਪਿੰਡ ਜਗਾ ਰਾਮ ਤੀਰਥ ਦੇ ਪ੍ਰਸਿੱਧ ਕਬੱਡੀ ਖਿਡਾਰੀ ਅਤੇ ਚੜਦੀਕਲਾ ਵੈਲਫੇਅਰ ਕਲੱਬ ਜਗਾ ਰਾਮ ਤੀਰਥ ਦੇ ਉਪ ਸਲਾਹਕਾਰ ਮਾਸਟਰ ਬਲਦੇਵ ਸਿੰਘ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਮਾਸਟਰ ਬਲਦੇਵ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਮਾਲੂ ਸਵੈਚ ਵਿਖੇ ਡੀ.ਪੀ. ਦੇ ਅਹੁਦੇ 'ਤੇ ਸੇਵਾ ਨਿਭਾ ਰਹੇ ਹਨ ਅਤੇ ਨਾਲ ਹੀ ਆਪਣੇ ਇਲਾਕੇ ਦੇ ਪਿੰਡਾਂ ਵਿੱਚ ਨੌਜਵਾਨਾਂ ਨੂੰ ਖੇਡਾਂ ਲਈ ਮੁਫ਼ਤ ਤਾਲੀਮ ਦੇ ਰਹੇ ਹਨ। ਉਹ ਲੰਮੇ ਸਮੇਂ ਤੋਂ ਪਿੰਡ ਅਤੇ ਆਸ-ਪਾਸ ਦੇ ਬੱਚਿਆਂ ਨੂੰ ਕਬੱਡੀ ਖੇਡ ਦੀ ਚੰਗੀ ਤਿਆਰੀ ਕਰਵਾ ਰਹੇ ਹਨ, ਜਿਸ ਦੇ ਨਤੀਜੇ ਵਜੋਂ ਉਨ੍ਹਾਂ ਦੇ ਸਿਖਲਾਏ ਹੋਏ ਖਿਡਾਰੀ ਪੰਜਾਬ ਪੱਧਰ ਦੀਆਂ ਮੁਕਾਬਲਿਆਂ ਵਿੱਚ ਪਹਿਲਾ ਅਤੇ ਦੂਜਾ ਸਥਾਨ ਹਾਸਲ ਕਰ ਚੁੱਕੇ ਹਨ। ਇਸ ਤੋਂ ਇਲਾਵਾ ਉਨ੍ਹਾਂ ਦੀ ਰਹਿਨੁਮਾਈ ਹੇਠ ਪਿੰਡ ਸ਼ੇਖਪੁਰਾ ਦੇ ਕਰੀਬ 15 ਨੌਜਵਾਨ ਭਾਰਤੀ ਫ਼ੌਜ ਵਿੱਚ ਭਰਤੀ ਹੋ ਚੁੱਕੇ ਹਨ, ਜੋ ਪਿੰਡ ਅਤੇ ਇਲਾਕੇ ਲਈ ਮਾਣ ਦੀ ਗੱਲ ਹੈ।

ਇਸ ਮੌਕੇ ਸਮੂਹ ਟੂਰਨਾਮੈਂਟ ਕਮੇਟੀ ਸ਼ੇਖਪੁਰਾ ਵੱਲੋਂ ਪ੍ਰਧਾਨ ਮੋਹਨਦੀਪ ਸਿੰਘ ਮਾਨ, ਮਲਕੀਤ ਸਿੰਘ ਮਾਨ, ਕਾਵਲ ਸਿੰਘ ਕੋਚ ਅਤੇ ਕਾਕੂ ਸਿੰਘ ਰੋਮਾਣਾ ਨੇ ਉਨ੍ਹਾਂ ਨੂੰ ਵਾਲ ਪੇਪਰ ਭੇਟ ਕਰਕੇ ਸਨਮਾਨਿਤ ਕੀਤਾ। ਇਸ ਦੇ ਨਾਲ ਹੀ ਬਲਵਿੰਦਰ ਸਿੰਘ ਆਸਟ੍ਰੇਲੀਆ ਵੱਲੋਂ 2100 ਰੁਪਏ ਦੀ ਨਕਦ ਰਾਸ਼ੀ ਦੇ ਕੇ ਵੀ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ। ਇਸ ਮੌਕੇ ਚੜਦੀਕਲਾ ਵੈਲਫੇਅਰ ਕਲੱਬ ਜਗਾ ਤੀਰਥ ਦੇ ਪ੍ਰਧਾਨ ਜੱਗਾ ਸਿੰਘ ਸਿੱਧੂ ਨੇ ਮਾਸਟਰ ਬਲਦੇਵ ਸਿੰਘ ਨੂੰ ਇਸ ਸਨਮਾਨ ਲਈ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਉਹ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਕੇ ਇਲਾਕੇ ਦਾ ਨਾਮ ਰੋਸ਼ਨ ਕਰ ਰਹੇ ਹਨ ਅਤੇ ਉਨ੍ਹਾਂ ਦੀ ਮਿਹਨਤ ਕਾਰਨ ਕਈ ਨੌਜਵਾਨ ਖੇਡਾਂ ਅਤੇ ਫ਼ੌਜ ਵਿੱਚ ਅੱਗੇ ਵੱਧ ਰਹੇ ਹਨ। ਮਾਸਟਰ ਬਲਦੇਵ ਸਿੰਘ ਨੇ ਇਸ ਮੌਕੇ ਉਨ੍ਹਾਂ ਨੂੰ ਸਨਮਾਨਿਤ ਕਰਨ ਲਈ ਸਮੂਹ ਟੂਰਨਾਮੈਂਟ ਕਮੇਟੀ ਅਤੇ ਸਮੂਹ ਸੰਗਤ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਉਹ ਅੱਗੇ ਵੀ ਇਲਾਕੇ ਦੇ ਬੱਚਿਆਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਆਪਣੀਆਂ ਸੇਵਾਵਾਂ ਜਾਰੀ ਰੱਖਣਗੇ।

# ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਨੇ ਸਰਕਾਰ ਦੇ ਪੱਤਰਕਾਰ ਵਿਰੋਧੀ ਰਵਈਏ ਖ਼ਿਲਾਫ਼ ਸੂਬੇ ਵਿੱਚ ਹਰ ਪੱਧਰ 'ਤੇ ਸੰਘਰਸ਼ ਵਿੱਢਣ ਦਾ ਸੱਦਾ ਦਿੱਤਾ







ਤਲਵੰਡੀ ਸਾਬੋ, 10 ਮਾਰਚ (ਗੁਰਜੰਟ ਸਿੰਘ ਨਥੇਹਾ)- ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਦੇ ਸੂਬਾਈ ਚੇਅਰਮੈਨ ਬਲਬੀਰ ਸਿੰਘ ਜੰਡੂ, ਪ੍ਰਧਾਨ ਜੈ ਸਿੰਘ ਛਿੱਬਰ ਅਤੇ ਸਕੱਤਰ ਜਨਰਲ ਸੰਤੋਖ ਗਿੱਲ ਨੇ ਸੂਬੇ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਪੇਸ਼ ਕੀਤੇ ਬਜਟ ਵਿੱਚ ਸੂਬੇ ਦੇ ਪੱਤਰਕਾਰਾਂ ਨੂੰ ਪੂਰੀ ਤਰ੍ਹਾਂ ਅਣਗੌਲ਼ਿਆ ਕਰਨ ਦੀ ਜ਼ੋਰਦਾਰ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਪਿਛਲੇ ਸਾਲਾਂ ਵਾਂਗ ਆਪਣੀ ਸਰਕਾਰ ਦੇ ਆਖ਼ਰੀ ਬਜਟ ਵਿੱਚ ਵੀ ਪੱਤਰਕਾਰਾਂ ਨੂੰ ਪੂਰੀ ਤਰ੍ਹਾਂ ਅਣਡਿੱਠ ਕੀਤਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਜਿਸ ਮੀਡੀਆ ਦੇ ਸਹਾਰੇ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਸੀ, ਸਰਕਾਰ ਹੁਣ ਉਸ ਮੀਡੀਆ ਵੱਲ ਪਿੱਠ ਕਰ ਕੇ ਖੜ੍ਹੀ ਹੈ। ਆਗੂਆਂ ਨੇ ਕਿਹਾ ਕਿ ਅਗਾਮੀ ਵਿਧਾਨ ਸਭਾ ਚੋਣਾਂ ਵਿੱਚ ਸੱਤਾਧਾਰੀ ਧਿਰ ਨੂੰ ਇਸ ਦਾ ਖ਼ਿਮਆਜ਼ਾ ਭੁਗਤਣਾ ਪਵੇਗਾ। ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਨੇ ਸਰਕਾਰ ਦੇ ਪੱਤਰਕਾਰ ਵਿਰੋਧੀ ਰਵਈਏ ਖ਼ਿਲਾਫ਼ ਸੂਬੇ ਵਿੱਚ ਹਰ ਪੱਧਰ 'ਤੇ ਸੰਘਰਸ਼ ਵਿੱਢਣ ਦਾ ਸੱਦਾ ਦਿੱਤਾ ਹੈ। ਆਗੂਆਂ ਨੇ ਕਿਹਾ ਕਿ ਵੱਖ-ਵੱਖ ਸਮੇਂ ਸਰਕਾਰ ਦੇ ਨੁਮਾਇੰਦਿਆਂ, ਮੰਤਰੀਆਂ ਅਤੇ ਵਿਧਾਨ ਸਭਾ ਦੇ ਸਪੀਕਰ ਵੱਲੋਂ ਭਰੋਸਾ ਮਿਲਣ ਦੇ ਬਾਵਜੂਦ ਬਜਟ ਪੇਸ਼ ਕਰਨ ਸਮੇਂ ਪੱਤਰਕਾਰਾਂ ਸਮੇਤ ਡੈਸਕ ਸਟਾਫ਼ ਨੂੰ ਪੈਨਸ਼ਨ, ਹਰਿਆਣਾ ਪੈਟਰਨ 'ਤੇ ਮੁਫ਼ਤ ਬੱਸ ਸਫ਼ਰ, ਐਕਸ-ਗਰੇਸ਼ੀਆ ਸਕੀਮ ਅਧੀਨ ਲਿਆਉਣ, ਚੰਡੀਗੜ੍ਹ ਸਥਿਤ ਪੱਤਰਕਾਰਾਂ ਲਈ ਮਕਾਨਾਂ ਦਾ ਕੋਟਾ 50% ਕਰਨ, ਜ਼ਿਲ੍ਹਿਆਂ ਵਿੱਚ ਪੱਤਰਕਾਰਾਂ ਨੂੰ ਰਿਹਾਇਸ਼ੀ ਮਕਾਨ-ਫਲੈਟ ਬਣਾਉਣ ਲਈ ਸਸਤੀਆਂ ਦਰਾਂ ਉਪਰ ਪਲਾਟ ਦੇਣ, ਪ੍ਰਿੰਟ ਅਤੇ ਇਲੈਕਟ੍ਰਾਨਿਕਸ ਮੀਡੀਆ ਦੇ ਨਿਊਜ਼ ਟੇਬਲਾਂ ਉਪਰ ਕੰਮ ਕਰਨ ਵਾਲੇ ਮੀਡੀਆ ਕਰਮੀਆਂ ਨੂੰ ਫ਼ੀਲਡ ਪੱਤਰਕਾਰਾਂ ਵਾਲੀਆਂ ਸਹੂਲਤਾਂ ਦੇਣ, ਸਾਰੇ ਪੱਤਰਕਾਰਾਂ ਲਈ ਸਿਹਤ ਬੀਮਾ ਯੋਜਨਾ ਲਾਗੂ ਕਰਨ ਦੇ ਮਾਮਲੇ ਵਿੱਚ ਬਜਟ ਵਿੱਚ ਜ਼ਿਕਰ ਤੱਕ ਨਾ ਕਰਨਾ ਸਰਕਾਰ ਦੇ ਮੀਡੀਆ ਪ੍ਰਤੀ ਰਵਈਏ ਨੂੰ ਨੰਗਾ ਕਰ ਕੇ ਰੱਖ ਦਿੱਤਾ ਹੈ।

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਸਬੰਧੀ ਕਾਨੂੰਨ ਬਣਾਉਣ ਤੋਂ ਭੱਜ ਰਹੀ ਹੈ ਪੰਜਾਬ ਸਰਕਾਰ : ਬਾਪੂ ਤਰਸੇਮ ਸਿੰਘ

## 12 ਮਾਰਚ ਨੂੰ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਵੱਡਾ ਜੱਥਾ ਸਮਾਣਾ ਮੋਰਚੇ 'ਚ ਕਰੇਗਾ ਸ਼ਮੂਲੀਅਤ



ਅੰਮ੍ਰਿਤਸਰ 10 ਮਾਰਚ (ਆਵਾਜ਼ਿ ਕੌਮ ਬਿਊਰੋ)-ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਲਗਾਤਾਰ ਹੋ ਰਹੀਆਂ ਬੇਅਦਬੀਆਂ ਨੂੰ ਰੋਕਣ ਲਈ ਸਖ਼ਤ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਸਮਾਣਾ ਵਿਖੇ ਚੱਲ ਰਹੇ ਟਾਵਰ ਮੋਰਚੇ ਵਿੱਚ ਸ਼ਮੂਲੀਅਤ ਕਰਨ ਦਾ ਐਲਾਨ ਕੀਤਾ ਹੈ। ਪਾਰਟੀ ਦੇ ਪ੍ਰੈਸ ਸਕੱਤਰ ਸ਼ਮਸ਼ੇਰ ਸਿੰਘ ਪੱਧਰੀ ਵੱਲੋਂ ਜਾਰੀ ਪ੍ਰੈਸ ਨੋਟ ਰਾਹੀਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਪਿਤਾ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਸਰਪ੍ਰਸਤ ਬਾਪੂ ਤਰਸੇਮ ਸਿੰਘ ਨੇ ਕਿਹਾ ਕਿ 12 ਮਾਰਚ ਨੂੰ ਪਾਰਟੀ ਵਰਕਰਾਂ ਦਾ ਵੱਡਾ ਜੱਥਾ ਸਮਾਣਾ ਪਹੁੰਚ ਕੇ ਟਾਵਰ ਮੋਰਚੇ ਵਿੱਚ ਹਾਜ਼ਰੀ ਭਰੇਗਾ ਅਤੇ ਪੰਜਾਬ ਸਰਕਾਰ ਤੋਂ ਮੰਗ ਕਰੇਗਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੀਆਂ ਬੇਅਦਬੀਆਂ ਰੋਕਣ ਅਤੇ ਅਜਿਹੀਆਂ ਘਿਨੌਣੀਆਂ ਹਰਕਤਾਂ ਕਰਨ ਵਾਲੇ ਅਨਸਰਾਂ ਖ਼ਿਲਾਫ਼ ਸਖ਼ਤ ਕਾਰਵਾਈ ਯਕੀਨੀ ਬਣਾਉਣ ਲਈ ਤੁਰੰਤ ਪ੍ਰਭਾਵ ਨਾਲ ਮਜ਼ਬੂਤ ਅਤੇ ਸਪੱਸ਼ਟ ਕਾਨੂੰਨ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਸਮਾਣਾ ਵਿਖੇ ਚੱਲ ਰਹੇ ਮੋਰਚੇ ਵਿੱਚ ਸੰਗਤਾਂ ਵੱਲੋਂ ਉਠਾਈ ਜਾ ਰਹੀ ਮੰਗ ਪੂਰੀ ਤਰ੍ਹਾਂ ਜਾਇਜ਼ ਅਤੇ ਸਮੇਂ ਦੀ ਲੋੜ ਹੈ, ਪਰ ਇਸਦੇ ਬਾਵਜੂਦ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਇਸ ਗੰਭੀਰ ਮਾਮਲੇ 'ਤੇ ਆਪਣੀ ਜ਼ਿੰਮੇਵਾਰੀ ਤੋਂ ਕਦਮ ਪਿੱਛੇ ਖਿੱਚਦੀ ਨਜ਼ਰ ਆ ਰਹੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਨੇ ਚੋਣਾਂ ਦੌਰਾਨ ਬੇਅਦਬੀ ਦੇ ਮਾਮਲਿਆਂ ਸਬੰਧੀ ਸਖ਼ਤ ਕਾਨੂੰਨ ਬਣਾਉਣ ਦੇ ਵਾਅਦੇ ਕੀਤੇ ਸਨ, ਪਰ ਹੁਣ ਸੱਤਾ ਵਿੱਚ ਆਉਣ ਤੋਂ ਬਾਅਦ ਉਹਨਾਂ ਵਾਅਦਿਆਂ ਤੋਂ ਮੁਕਰਿਆ ਜਾ ਰਿਹਾ ਹੈ। ਬਾਪੂ ਤਰਸੇਮ ਸਿੰਘ ਨੇ ਕਿਹਾ ਕਿ ਪਿੰਡ ਸਠਿਆਲਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹੋਈ ਘੋਰ ਬੇਅਦਬੀ ਨੇ ਸਮੂਹ ਸਿੱਖ ਜਗਤ ਦੇ ਮਨ ਨੂੰ ਗਹਿਰਾ ਝਟਕਾ ਦਿੱਤਾ ਹੈ।

ਅਜਿਹੀਆਂ ਦੁਖਦਾਈ ਘਟਨਾਵਾਂ ਨੂੰ ਰੋਕਣ ਲਈ ਸਰਕਾਰ ਦੀ ਢਿੱਲੀ ਕਾਰਗੁਜ਼ਾਰੀ ਬਿਲਕੁਲ ਕਬੂਲਯੋਗ ਨਹੀਂ ਹੈ। ਉਨ੍ਹਾਂ ਕਿਹਾ ਕਿ ਸਿੱਖ ਸੰਗਤਾਂ ਆਪਣੀ ਆਤਮਿਕ ਮਰਿਆਦਾ ਅਤੇ ਗੁਰੂ ਸਾਹਿਬ ਦੇ ਸਤਿਕਾਰ ਦੀ ਰੱਖਿਆ ਲਈ ਹਮੇਸ਼ਾਂ ਡਟ ਕੇ ਖੜੀਆਂ ਰਹੀਆਂ ਹਨ ਅਤੇ ਅਗਾਂਹ ਵੀ ਇਹ ਸੰਘਰਸ਼ ਪੂਰੀ ਦ੍ਰਿੜਤਾ ਨਾਲ ਜਾਰੀ ਰਹੇਗਾ। ਉਨ੍ਹਾਂ ਅੰਤ ਵਿੱਚ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਪੰਥਕ ਮਸਲਿਆਂ ਪ੍ਰਤੀ ਆਪਣੀ ਜ਼ਿੰਮੇਵਾਰੀ ਨੂੰ ਸਮਝਦਿਆਂ ਸਮਾਣਾ ਮੋਰਚੇ ਵਿੱਚ ਭਰਪੂਰ ਹਿੱਸਾ ਲੈ ਰਿਹਾ ਹੈ ਅਤੇ ਜਦ ਤੱਕ ਕਨੂੰਨ ਨਹੀਂ ਬਣਦਾ ਇਹ ਇਸੇ ਤਰਾਂ ਹੀ ਜਾਰੀ ਰਹੇਗਾ ਅਤੇ ਸਰਕਾਰ ਨੂੰ ਇਹ ਸੁਨੇਹਾ ਦੇਵੇਗਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਸਬੰਧੀ ਸਖ਼ਤ ਕਾਨੂੰਨ ਬਣਾਉਣ ਤੋਂ ਬਿਨਾਂ ਸੰਗਤਾਂ ਨੂੰ ਚੁੱਪ ਨਹੀਂ ਬੈਠਣਗੀਆਂ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਧੂਰੀ ਵਾਸੀਆਂ ਦੀ ਹਰੇਕ ਸਮੱਸਿਆ ਦਾ ਹੱਲ

# ਪਹਿਲ ਦੇ ਆਧਾਰ ’ਤੇ ਕੀਤਾ ਜਾਵੇਗਾ: ਓ.ਐਸ.ਡੀ. ਸੁਖਵੀਰ ਸਿੰਘ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਅੱਜ ਮੁੱਖ ਮੰਤਰੀ ਸਹਾਇਤਾ ਕੇਂਦਰ ਧੂਰੀ ਵਿਖੇ ਹਲਕੇ ਦੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਉਨ੍ਹਾਂ ਦੇ ਹੱਲ ਲਈ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਦਿੱਤੇ। ਇਸ ਮੌਕੇ ਉਨ੍ਹਾਂ ਲੋਕਾਂ ਵੱਲੋਂ ਦੱਸੀਆਂ ਸਮੱਸਿਆਵਾਂ ਨੂੰ ਸੁਣਦਿਆਂ ਜਿਨ੍ਹਾਂ ਮਸਲਿਆਂ ਦਾ ਮੌਕੇ ’ਤੇ ਹੀ ਨਿਪਟਾਰਾ ਸੰਭਵ ਸੀ, ਉਹਨਾਂ ਦਾ ਤੁਰੰਤ ਹੱਲ ਕਰਵਾਇਆ ਅਤੇ ਕੁਝ ਮਸਲੇ ਸਬੰਧਤ ਵਿਭਾਗਾਂ ਨੂੰ ਭੇਜ ਕੇ ਇਹਨਾਂ ਦਾ ਨਿਪਟਾਰਾ ਸਮਾਂਬੱਧ ਢੰਗ ਨਾਲ ਕਰਨ ਦੀ ਹਦਾਇਤ ਕੀਤੀ। ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਨੂੰ ਸੁਚੱਜਾ ਪ੍ਰਸ਼ਾਸਨ ਅਤੇ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਧੂਰੀ ਹਲਕੇ ਦੇ ਵਾਸੀਆਂ ਦੀ ਹਰੇਕ ਸਮੱਸਿਆ ਦਾ ਹੱਲ ਪਹਿਲ ਦੇ ਆਧਾਰ ’ਤੇ ਕੀਤਾ ਜਾਵੇਗਾ ਅਤੇ ਜਿਨ੍ਹਾਂ ਮਸਲਿਆਂ ਦਾ ਤੁਰੰਤ ਨਿਪਟਾਰਾ ਨਹੀਂ ਹੋ ਸਕਿਆ, ਉਹਨਾਂ ਨੂੰ ਸਬੰਧਤ ਵਿਭਾਗਾਂ ਕੋਲ ਭੇਜ ਕੇ ਨਿਰਧਾਰਿਤ ਸਮੇਂ ਅੰਦਰ ਹੱਲ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਲੋਕਾਂ ਦੀਆਂ ਸਮੱਸਿਆਵਾਂ ਨੂੰ ਤੁਰੰਤ ਸੁਣ ਕੇ ਉਨ੍ਹਾਂ ਦਾ ਪ੍ਰਭਾਵਸ਼ਾਲੀ ਹੱਲ ਕਰਨਾ ਹੈ ਤਾਂ ਜੋ ਆਮ ਲੋਕਾਂ ਨੂੰ ਦਫ਼ਤਰਾਂ ਦੇ ਚੱਕਰ ਨਾ ਕੱਟਣੇ ਪੈਣ ਅਤੇ ਉਹਨਾਂ ਨੂੰ ਸਰਕਾਰੀ ਸਹੂਲਤਾਂ ਦਾ ਪੂਰਾ ਲਾਭ ਮਿਲ ਸਕੇ। ਇਸ ਮੌਕੇ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਲ ਦਲਵੀਰ ਸਿੰਘ ਢਿੱਲੋਂ, ਮਾਰਕਿਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਕੁਮਾਰ ਲੱਖਾ, ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ, ਮੁੱਖ ਮੰਤਰੀ ਫੀਲਡ ਅਫ਼ਸਰ ਅਰਵਿੰਦ ਕੁਮਾਰ ਅਤੇ ਰਮਨਦੀਪ ਸਿੰਘ ਸਮੇਤ ਹੋਰ ਪਤਵੰਤੇ ਵੀ ਮੌਜੂਦ ਸਨ।

## ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ

# ਧੂਰੀ ਹਲਕੇ ਦੇ ਪਿੰਡਾਂ ਦੇ ਖੇਤਾਂ ਨੂੰ ਨਹਿਰੀ ਪਾਣੀ ਪਹੁੰਚਾਉਣ ਲਈ ਮੈਰਾਥਨ ਮੀਟਿੰਗ



**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ ਅੱਜ ਧੂਰੀ ਹਲਕੇ ਦੇ ਪਿੰਡਾਂ ਦੇ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਉਣ ਦੇ ਮਾਮਲੇ ਸਬੰਧੀ ਟਿਊਬਵੈੱਲ ਕਾਰਪੋਰੇਸ਼ਨ, ਨਹਿਰੀ ਵਿਭਾਗ, ਸਿੰਚਾਈ ਵਿਭਾਗ, ਭੂਮੀ ਰੱਖਿਆ ਵਿਭਾਗ ਅਤੇ ਵੱਖ ਵੱਖ ਪਿੰਡਾਂ ਦੇ ਵਸਨੀਕਾਂ ਨਾਲ ਮੈਰਾਥਨ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਉਣ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਖੁਦ ਇਸ ਸਬੰਧੀ ਚੱਲ ਰਹੇ ਕੰਮਾਂ ਦੀ ਨਿਰੰਤਰ ਰਿਪੋਰਟ ਲੈ ਰਹੇ ਹਨ ਤਾਂ ਜੋ ਕਿਸਾਨਾਂ ਨੂੰ ਕਿਸੇ ਤਰ੍ਹਾਂ ਦੀ ਦਿੱਕਤ ਨਾ ਆਵੇ। ਉਨ੍ਹਾਂ ਸੰਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਆਪਸੀ ਤਾਲਮੇਲ ਨਾਲ ਕੰਮ ਕਰਦੇ ਹੋਏ ਰਹਿੰਦੇ ਖੇਤਾਂ ਤੱਕ ਨਹਿਰੀ ਪਾਣੀ ਜਲਦ ਪਹੁੰਚਾਉਣਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਨਹਿਰੀ ਪ੍ਰਣਾਲੀ ਨੂੰ ਮਜ਼ਬੂਤ ਬਣਾਉਣ ਲਈ ਜਿੱਥੇ ਵੀ ਪਾਈਪ ਲਾਈਨਾਂ, ਨਕਿਆਂ ਜਾਂ ਬਰਾਂਚਾਂ ਦੇ ਕੰਮ ਲੋੜੀਂਦੇ ਹਨ, ਉਨ੍ਹਾਂ ਨੂੰ ਤਰਜੀਹ ਦੇ ਆਧਾਰ ’ਤੇ ਪੂਰਾ ਕੀਤਾ ਜਾਵੇ। ਮੀਟਿੰਗ ਦੌਰਾਨ ਪਿੰਡ ਨੱਤ, ਭੂਜੋਵਾਲੀ, ਘਨੌਰ ਕਲਾਂ, ਭੂਮਸੀ, ਸੁਲਤਾਨਪੁਰ, ਬੇਨੜਾ, ਬਰੜਵਾਲ, ਬੁੱਗਰਾ, ਮੂਲੋਵਾਲ, ਅਲਾਲ, ਪੁੰਨਾਵਾਲ, ਸਾਰੋ, ਭੁੱਲਰਹੇੜੀ, ਭੜੀ ਮਾਨਸਾ, ਬਮਾਲ, ਬਾਲੀਆਂ, ਮਾਨਵਾਲਾ, ਰਾਜੋਮਾਜਰਾ ਅਤੇ ਪੇਧਨੀ ਆਦਿ ਪਿੰਡਾਂ ਦੇ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਉਣ ਸਬੰਧੀ ਮਸਲਿਆਂ ’ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਇਸ ਤੋਂ ਇਲਾਵਾ ਮੋਗਿਆ ਅਤੇ ਮੋਗਿਆ ਦੀਆਂ ਬਰਾਂਚਾਂ, ਪਾਈਪ ਲਾਈਨਾਂ ਅਤੇ ਨਕਿਆਂ ਦੇ ਕੰਮਾਂ ਸਬੰਧੀ ਵੀ ਸਮੀਖਿਆ ਕੀਤੀ ਗਈ। ਇਸ ਮੌਕੇ ਮੁੱਖ ਮੰਤਰੀ ਫੀਲਡ ਅਫ਼ਸਰ ਅਰਵਿੰਦ ਕੁਮਾਰ ਅਤੇ ਰਮਨਦੀਪ ਸਿੰਘ ਸਮੇਤ ਟਿਊਬਵੈੱਲ ਕਾਰਪੋਰੇਸ਼ਨ, ਨਹਿਰੀ ਵਿਭਾਗ, ਸਿੰਚਾਈ ਵਿਭਾਗ ਅਤੇ ਭੂਮੀ ਰੱਖਿਆ ਵਿਭਾਗ ਦੇ ਅਧਿਕਾਰੀ ਵੀ ਮੌਜੂਦ ਸਨ।

**ਖੇਤਾਂ ਨੂੰ ਨਹਿਰੀ ਪਾਣੀ ਲਗਾਉਣ ਦੇ ਚੱਲ ਰਹੇ ਕੰਮ ਦੀ ਮੁੱਖ ਮੰਤਰੀ ਖ਼ੁਦ ਲੈ ਰਹੇ ਨੇ ਰਿਪੋਰਟ : ਓ.ਐਸ.ਡੀ. ਸੁਖਵੀਰ ਸਿੰਘ**

# ਅਮਿਤ ਸ਼ਾਹ ਦੀ ਰੈਲੀ ਨੂੰ ਲੈ ਕੇ ਤਿਆਰੀਆਂ ਹੋਈਆਂ ਸ਼ੁਰੂ: ਨੀਲੂ ਮਿੱਤਲ, ਜਗਦੇਵ ਜੱਗਾ ਜਿੰਦਲ



**ਸੰਗਾਲਾ ( ਰਣਜੀਤ ਸਿੰਘ ਪੇਧਨੀ )**-ਮੋਗਾ ਵਿੱਚ ਭਾਜਪਾ ਦੀ 14 ਤਰੀਕ ਦੀ ਅਮਿਤ ਸ਼ਾਹ ਦੀ ਰੈਲੀ ਨੂੰ ਲੈ ਕੇ ਵਰਕਰਾਂ ਵੱਲੋਂ ਸਾਰੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਉੱਘੇ ਸਮਾਜ ਸੇਵੀ ਕ੍ਰਿਸਨ ਗੋਪਾਲ ਨੀਲੂ ਮਿੱਤਲ ਅਤੇ ਜਗਦੇਵ ਜਿੰਦਲ ਜੱਗਾ ਸਾਬਕਾ ਵਾਈਸ ਪ੍ਰਧਾਨ ਮਿਉਂਸਪਲ ਕਮੇਟੀ ਧੂਰੀ ਨੇ ਕੀਤਾ। ਉਨ੍ਹਾਂ ਕਿਹਾ ਕਿ ਭਾਜਪਾ ਦੇ ਵਰਕਰਾਂ ਦੇ ਵਿੱਚ ਬਹੁਤ ਜ਼ਿਆਦਾ ਉਤਸ਼ਾਹ ਹੈ ਤੇ ਭਾਜਪਾ ਦੇ ਵਰਕਰ ਰੈਲੀ ਨੂੰ ਕਾਮਯਾਬ ਬਣਾਉਣ ਲਈ ਦਿਨ-ਰਾਤ ਇੱਕ ਕਰ ਰਹੇ ਹਨ। ਸਾਡੇ ਵੱਲੋਂ ਵੀ ਇਹ ਰੈਲੀ ਲਈ ਦਿਨ-ਰਾਤ ਮਿਹਨਤ ਕੀਤੀ ਜਾ ਰਹੀ ਹੈ ਕਿਉਂਕਿ ਭਾਜਪਾ ਵਰਕਰਾਂ ਦੇ ਵਿੱਚ ਅਮਿਤ ਸ਼ਾਹ ਗ੍ਰਹਿ ਮੰਤਰੀ ਦੇ ਭਾਸ਼ਣ ਨੂੰ ਸੁਣਨ ਲਈ ਬਹੁਤ ਉਤਾਵਲੇ ਹਨ। ਇਸ ਰੈਲੀ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਕੁਰਸੀਆਂ ਲਗਾਈਆਂ ਗਈਆਂ ਹਨ। ਸਾਡੀ ਸੋਚ ਤੋਂ ਵੱਧ ਇਸ ਰੈਲੀ ਵਿੱਚ ਇਕੱਠ ਹੋਵੇਗਾ। ਪ੍ਰਸ਼ਾਸਨ ਵੱਲੋਂ ਵੀ ਸਾਰੇ ਪੁਖਤਾ ਇੰਤਜ਼ਾਮ ਕੀਤੇ ਗਏ ਹਨ ਤੇ ਬਹੁਤ ਵੱਡੀ ਪਾਰਕਿੰਗ ਦਾ ਇੰਤਜ਼ਾਮ ਕੀਤਾ ਗਿਆ ਹੈ ਤਾਂ ਕਿ ਕੋਈ ਵੀ ਭਾਜਪਾ ਵਰਕਰ ਨੂੰ ਕਿਸੇ ਤਰ੍ਹਾਂ ਦੀ ਦਿੱਕਤ ਨਾ ਆਵੇ।

# ਮਹਿਲਾਵਾਂ ਨੂੰ ਸਨਮਾਨ ਰਾਸ਼ੀ ਦੇਣਾ ਮਾਨ ਸਰਕਾਰ ਦਾ ਫ਼ੈਸਲਾ ਇਤਿਹਾਸਕ : ਸਰਪੰਚ ਹਲਕਾ ਧੂਰੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ ’ਤੇ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਲਈ ਇੱਕ ਮਹੱਤਵਪੂਰਨ ਫ਼ੈਸਲਾ ਲਿਆ ਗਿਆ ਹੈ, ਜੋ ਕਿ ਸ਼ਲਾਘਾਯੋਗ ਤੇ ਇਤਿਹਾਸਕ ਫੈਸਲਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜਿਲ੍ਹਾ ਪ੍ਰੀਸ਼ਦ ਮੈਂਬਰ, ਸਰਪੰਚ ਅੰਮ੍ਰਿਤ ਚਹਿਲ ਘਨੌਰੀ, ਸਰਪੰਚ ਜਗਸੀਰ ਸਿੰਘ ਜੱਗਾ ਭੋਜੋਵਾਲੀ ਪ੍ਰਧਾਨ ਪੰਚਾਇਤ ਯੂਨੀਅਨ ਧੂਰੀ, ਸਰਪੰਚ ਜਸਵੀਰ ਦਾਸ ਢਢੋਗਲ ਜਰਨਲ ਸਕੱਤਰ ਪੰਚਾਇਤ ਯੂਨੀਅਨ ਧੂਰੀ, ਸਰਪੰਚ ਦਵਿੰਦਰ ਸਿੰਘ ਧੂਰਾ, ਸਰਪੰਚ ਲਾਲੀ ਬੰਗਾਵਾਲੀ, ਸਰਪੰਚ ਰਾਜੂ ਬਰੜਵਾਲ, ਸਰਪੰਚ ਗੋਪਾਲ ਕ੍ਰਿਸਨ ਬੇਨੜਾ ਅਤੇ ਸਰਪੰਚ ਹਰਪ੍ਰੀਤ ਸਿੰਘ ਖੇੜੀ ਜੱਟ ਨੇ ਕੀਤਾ। ਸਰਪੰਚਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਨੇ 2022 ਦੀਆਂ ਚੋਣਾਂ ਦੌਰਾਨ ਪੰਜਾਬ ਦੀਆਂ ਮਹਿਲਾਵਾਂ ਨਾਲ ਕੀਤਾ ਵਾਅਦਾ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਪੂਰਾ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਆਪ ਸਰਕਾਰ ਵੱਲੋਂ ਸਮਾਜਿਕ ਨਿਆਂ ਤੇ ਮਹਿਲਾ ਸਸ਼ਕਤੀਕਰਨ ਨੂੰ ਮਜ਼ਬੂਤ ਕਰਨ ਲਈ ਵੱਡਾ ਕਦਮ ਚੁੱਕਦਿਆਂ ਦਲਿਤ ਵਰਗ ਨਾਲ ਸੰਬੰਧਤ ਮਹਿਲਾਵਾਂ ਨੂੰ ਹਰ ਮਹੀਨੇ 1500 ਰੁਪਏ ਤੇ ਜਰਨਲ ਵਰਗ ਨਾਲ ਸੰਬੰਧਤ ਮਹਿਲਾਵਾਂ ਨੂੰ ਹਰ ਮਹੀਨੇ 1000 ਰੁਪਏ ਸਨਮਾਨ ਰਾਸ਼ੀ ਦੇਣ ਦਾ ਐਲਾਨ ਕੀਤਾ ਗਿਆ ਹੈ, ਜਿਸ ਨਾਲ ਇਹ ਫੈਸਲਾ ਮਹਿਲਾਵਾਂ ਨੂੰ ਆਤਮ ਨਿਰਭਰ ਬਣਾਉਣ ਦੇ ਨਾਲ ਨਾਲ ਸਮਾਜ ਵਿੱਚ ਉਨ੍ਹਾਂ ਦੀ ਭੂਮਿਕਾ ਨੂੰ ਹੋਰ ਮਜ਼ਬੂਤ ਕਰੇਗਾ।

# ਸਰਕਾਰ ਵੱਲੋਂ ਬਜਟ ਚ ਕੀਤੇ ਐਲਾਨ ਜ਼ਮੀਨੀ ਪੱਧਰ ’ਤੇ ਕੋਈ ਸਬੰਧ ਨਹੀਂ ਰੱਖਦੇ ਕਮਲਜੀਤ ਸਿੰਘ ਚੱਕ



ਮਹਿਲ ਕਲਾਂ ( ਰਣਜੀਤ ਸਿੰਘ ਪੇਧਨੀ ) ਪੰਜਾਬ ਸਰਕਾਰ ਵੱਲੋਂ ਪੇਸ਼ ਕੀਤੇ ਗਏ ਬਜਟ ਤੇ ਪ੍ਰਤੀਕਰਮ ਕਰਦਿਆਂ ਉੱਘੇ ਸਮਾਜ ਸੇਵੀ, ਹਲਕਾ ਮਹਿਲ ਕਲਾਂ ਤੋਂ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਕਮਲਜੀਤ ਸਿੰਘ ਚੱਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੇਸ਼ ਕੀਤੇ ਗਏ ਬਜਟ 2026-27 ਨੂੰ ਝੂਠ ਦਾ ਪੁਲੰਦਾ ਕਰਾਰ ਦਿੰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਔਰਤ ਦਿਵਸ ਦੇ ਮੌਕੇ ’ਤੇ ਵੀ ਔਰਤਾਂ ਸਮੇਤ ਪੰਜਾਬ ਦੇ ਹਰ ਵਰਗ ਨਾਲ ਧੋਖਾ ਕੀਤਾ ਹੈ। ਉਨ੍ਹਾਂ ਕਿਹਾ ਕਿ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਬਜਟ ਭਾਸ਼ਣ ਦੌਰਾਨ ਕੀਤੇ ਗਏ ਦਾਅਵੇ ਬਿਲਕੁਲ ਬੇਬੁਨਿਆਦ ਅਤੇ ਹਕੀਕਤ ਤੋਂ ਦੂਰ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਬਜਟ ਵਿੱਚ ਕੀਤੇ ਗਏ ਐਲਾਨ ਅਸਲ ਜ਼ਮੀਨੀ ਹਕੀਕਤ ਨਾਲ ਕੋਈ ਸਬੰਧ ਨਹੀਂ ਰੱਖਦੇ। ਉਨ੍ਹਾਂ ਕਿਹਾ ਕਿ ਹੜ੍ਹ ਪੀੜਤ ਕਿਸਾਨ ਅੱਜ ਵੀ ਆਪਣੇ ਮੁਆਵਜ਼ੇ ਦੀ ਉਡੀਕ ਕਰ ਰਹੇ ਹਨ ਪਰ ਸਰਕਾਰ ਨੇ ਇਸ ਮਸਲੇ ਲਈ ਕੋਈ ਢੰਗ ਦੀ ਵਾਂ ਯੋਜਨਾ ਨਹੀਂ ਬਣਾਈ। ਬਜਟ ’ਚ 7 ਨਵੇਂ ਮੈਡੀਕਲ ਕਾਲਜਾਂ ਲਈ ਵੀ ਕੋਈ ਵੱਖਰਾ ਫੰਡ ਅਲਾਟ ਨਹੀਂ ਕੀਤਾ ਗਿਆ। ਸਰਕਾਰ ਵੱਲੋਂ 10 ਲੱਖ ਰੁਪਏ ਦੇ ਸਿਹਤ ਬੀਮਾ ਦੀ ਗੱਲ ਕੀਤੀ ਜਾ ਰਹੀ ਹੈ ਪਰ ਇਸ ਯੋਜਨਾ ਲਈ ਬਜਟ ਵਿੱਚ ਐਲਾਨੀ ਗਈ ਮਾਮੂਲੀ ਰਕਮ ਨੂੰ ਲੋਕਾਂ ਦੇ ਜਜਬਾਤਾਂ ਨਾਲ ਖੇਡਣ ਦੀ ਸਾਜ਼ਿਸ਼ ਹੀ ਕਿਹਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਪਿਛਲੀਆਂ ਜੋ ਵਿਧਾਨਸਭਾ ਚੋਣਾਂ ਦੌਰਾਨ ਔਰਤਾਂ ਨੂੰ ਸਰਕਾਰ ਬਣਦਿਆਂ ਹੀ ਹਰ ਮਹੀਨੇ 1000 ਰੁਪਏ ਦੇਣ ਦਾ ਵਾਅਦਾ ਕੀਤਾ ਸੀ। ਇਸ ਲਿਹਾਜ ਦੇ ਨਾਲ ਪਿਛਲੇ ਚਾਰ ਸਾਲ ਦਾ ਬਕਾਇਆ 48000 ਰੁਪਏ ਵੀ ਦੇਣਾ ਬਣਦਾ ਹੈ, ਪਰ ਸਰਕਾਰ ਨੇ ਇਸ ਤੋਂ ਮੂੰਹ ਫੇਰ ਲਿਆ ਹੈ, ਜੋ ਕਿ ਸਿੱਧਾ ਧੋਖਾ ਹੈ।

ਵਿਸ਼ਵ ਪੰਜਾਬੀ ਸਭਾ ਕੈਨੇਡਾ ਵੱਲੋਂ ਮਹਿਲਾ ਦਿਵਸ ਨੂੰ ਸਮਰਪਿਤ

# ਵਿਸ਼ੇਸ਼ ਸ਼ਖ਼ਸੀਅਤਾਂ ਦਾ ਸਨਮਾਨ



**ਚੌਕ ਮਹਿਤਾ, 10 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਵਿਸ਼ਵ ਪੰਜਾਬੀ ਸਭਾ ਕੈਨੇਡਾ ਇਕਾਈ ਪੰਜਾਬ ਦੇ ਮਾਝਾ ਜ਼ੋਨ ਪ੍ਰਧਾਨ ਉੱਘੇ ਉਦਯੋਗਪਤੀ ਅਤੇ ਸਮਾਜਸੇਵੀ ਸਤਬੀਰ ਸਿੰਘ ਸਿਫ਼ਰ ਤੇ ਮੁੱਖ ਸਕੱਤਰ ਡਾ. ਜਸਵਿੰਦਰ ਕੌਰ ਵੱਲੋਂ ਆਪਸੀ ਸਹਿਯੋਗ ਨਾਲ ਮਹਿਲਾ ਦਿਵਸ ਅਮੀਰਾ ਫਾਰਮ ਸ੍ਰੀ ਅੰਮ੍ਰਿਤਸਰ ਵਿਖੇ ਮਨਾਇਆ ਗਿਆ। ਇਸ ਮੌਕੇ 'ਤੇ ਵੱਖ-ਵੱਖ ਨਾਮੀ ਔਰਤਾਂ ਜਿਨ੍ਹਾਂ ਵਿੱਚ ਰਾਜਨੀਤਿਕ, ਸਾਹਿਤਕਾਰ, ਸਮਾਜ ਸੇਵੀ, ਡਾਕਟਰ ਤੇ ਸਿੱਖਿਆ ਦੇ ਖੇਤਰ ਨਾਲ ਜੁੜੀਆਂ ਹੋਈਆਂ ਸ਼ਖ਼ਸੀਅਤਾਂ ਨੇ ਭਾਗ ਲਿਆ। ਜਿਨ੍ਹਾਂ ਵਿੱਚ ਵਿਸ਼ੇਸ਼ ਤੌਰ 'ਤੇ ਸ੍ਰੀਮਤੀ ਪ੍ਰਿਯੰਕਾ ਸ਼ਰਮਾ, (ਸੀਨੀਅਰ ਡਿਪਟੀ ਮੇਅਰ ਅੰਮ੍ਰਿਤਸਰ), ਸ੍ਰੀਮਤੀ ਰਮਨ ਚੌਧਰੀ, (ਲਾਅ ਅਫ਼ਸਰ,ਪੰਜਾਬ), ਡਾ ਸੁਖਬੀਰ ਕੌਰ ਮਾਹਲ (ਸਾਬਕਾ ਪ੍ਰਿੰਸੀਪਲ, ਖਾਲਸਾ ਕਾਲਜ ਫਾਰ ਵਿਮਨ, ਅੰਮ੍ਰਿਤਸਰ), ਸ੍ਰੀਮਤੀ ਅਰਤਿੰਦਰ ਸੰਧੂ (ਸੰਪਾਦਕ ਏਕਮ ਮੈਗਜ਼ੀਨ), ਡਾ ਬਲਜੀਤ ਕੌਰ ਰਿਆੜ (ਅਸਿਸਟੈਂਟ ਪ੍ਰੋਫੈਸਰ, ਪੰਜਾਬੀ ਵਿਭਾਗ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ,ਡਾ ਪ੍ਰਭਜੋਤ ਕੌਰ ਸੰਧੂ (ਸਾਬਕਾ ਚੀਫ਼ ਲਾਈਬ੍ਰੇਰੀਅਨ, ਪੰਜਾਬ), ਪ੍ਰੋਫੈਸਰ (ਡਾ) ਆਂਚਲ ਅਰੋੜਾ (ਕਾੱਮਰਸ ਵਿਭਾਗ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ), ਡਾ .ਤਜਿੰਦਰ ਕੌਰ ਨਾਗਪਾਲ ਅਤੇ ਡਾ ਹਰਮੋਹਿੰਦਰ ਸਿੰਘ ਨਾਗਪਾਲ, ਡਾ ਜਸਵਿੰਦਰ ਕੌਰ (ਪੰਜਾਬੀ ਲੇਖਕਾ, ਅਧਿਆਪਕਾ,ਮੋਟੀਵੇਸ਼ਨਲ ਸਪੀਕਰ),ਡਾ ਨਿਧੀ ਪਾਠਕ (ਫਾਊਂਡਰ ਆਸ਼ਾ ਫਾਊਂਡੇਸ਼ਨ, ਸਿੱਖਿਆ ਸਲਾਹਕਾਰ), ਸ੍ਰੀਮਤੀ ਰਾਜ ਜੰਨਤ, ਡਾ .ਮੈਗੀ ਬੱਗਾ,ਪ੍ਰੋ (ਡਾ.) ਗੁਰਪ੍ਰੀਤ ਕੌਰ (ਡੀਨ ਫੈਕਲਟੀ ਆੱਫ਼ ਵਿਜ਼ੂਅਲ ਐਂਡ ਪ੍ਰਫਾਰਮਿੰਗ ਆਰਟਸ, ਚੇਅਰ ਇੰਚਾਰਜ-ਗੁਰੂ ਨਾਨਕ ਐਂਡ ਭਾਈ ਮਰਦਾਨਾ ਚੇਅਰ, ਗੁਰੂ ਕਾਸ਼ੀ ਯੂਨੀਵਰਸਿਟੀ, ਤਲਵੰਡੀ ਸਾਬੋ, ਬਠਿੰਡਾ), ਸ੍ਰੀਮਤੀ ਨਿਰਮਲ ਕੋਟਲਾ, ਰਾਜਬੀਰ ਕੌਰ ਗਰੇਵਾਲ,ਰਿਤੂ ਵਾਸੂਦੇਵ, ਰੁਪਿੰਦਰ ਕੌਰ ਮਾਹਲ, ਅੰਤਰਪ੍ਰੀਤ ਕੌਰ ਤੇ ਅਮਨਦੀਪ ਕੌਰ ਆਦਿ ਮਹਿਲਾਵਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਸ੍ਰੀ ਮਾਨ ਵਿਜੇ ਦੱਤ (ਕਮਿਸ਼ਨਰ ਪੰਜਾਬ ਰਾਜ ਖੁਰਾਕ ਕਮਿਸ਼ਨ), ਇੰਚਾਰਜ ਟ੍ਰੈਫ਼ਿਕ ਸੈੱਲ, ਸ੍ਰ ਦਲਜੀਤ ਸਿੰਘ,ਪ੍ਰਸਿੱਧ ਟੀਵੀ ਕਲਾਕਾਰ ਘੁੱਲੇਸ਼ਾਹ ਜੀ, ਮੈਡਮ ਅੰਕਿਤਾ,ਡਾ ਵਿਕਰਮਜੀਤ ਸਿੰਘ (ਸਰਪ੍ਰਸਤ ਮੈਗਜ਼ੀਨ), ਸ੍ਰ ਰਜਿੰਦਰ ਸਿੰਘ ਮਰਵਾਹਾ ਰਾਜਨ ਕਪੂਰ,ਸ੍ਰ ਸਤਿੰਦਰ ਸਿੰਘ ਓਠੀ (ਮੁੱਖੀ ਪੰਜਾਬੀ ਵਿਭਾਗ, ਦਿੱਲੀ ਪਬਲਿਕ ਸਕੂਲ), ਸ਼ਾਇਰ ਜਸਵੰਤ ਧਾਪ,ਸ੍ਰ ਦਲਬੀਰ ਸਿੰਘ ਰਿਆੜ, ਦਵਿੰਦਰ ਭੋਲਾ ਜੀ, ਬਲਜੀਤ ਸਿੰਘ ਗਰੋਵਰ, ਹਰਮੀਤ ਅੱਖਰ ਆਰਟਿਸਟ ਆਦਿ ਨੂੰ ਵੀ ਸਨਮਾਨਿਤ ਕੀਤਾ ਖ਼ੂਬ ਸ਼ਲਾਘਾ ਕੀਤੀ ਗਈ। ਗਿਆ। ਸ੍ਰੀਮਤੀ ਸਤਨਾਮ ਕੌਰ ਅਤੇ ਸ੍ਰੀਮਤੀ ਸੁਖਰਾਜ ਕੌਰ ਨੇ ਮੰਚ ਸੰਚਾਲਨ ਦੀ ਭੂਮਿਕਾ ਬਾਖ਼ੂਬੀ ਨਿਭਾਈ। ਪ੍ਰੋਗਰਾਮ ਦੌਰਾਨ ਕਵੀ ਦਰਬਾਰ, ਭਾਸ਼ਣ ਅਤੇ ਵਿਚਾਰ ਚਰਚਾ ਵੀ ਹੋਈ। ਸਾਰੀਆਂ ਹੀ ਆਈਆਂ ਅਦਬੀ ਸ਼ਖ਼ਸੀਅਤਾਂ ਵੱਲੋਂ ਪ੍ਰੋਗਰਾਮ ਦੀ ਅਤੇ ਵਿਸ਼ਵ ਪੰਜਾਬੀ ਸਭਾ ਕੈਨੇਡਾ ਦੇ ਬੈਨਰ ਹੇਠ ਸ੍ਰ ਸਤਬੀਰ ਸਿੰਘ ਜੀ ਵੱਲੋਂ ਕੀਤੇ ਗਏ ਉਪਰਾਲੇ ਦੀ ਖ਼ੂਬ ਸ਼ਲਾਘਾ ਕੀਤੀ ਗਈ।

**ਸਮਾਜ ਸੇਵੀ ਸਤਬੀਰ ਸਿੰਘ ਦੀ ਅਗਵਾਈ ਵਿੱਚ ਹੋਇਆ ਸਮਾਗਮ ਯਾਦਗਾਰੀ ਹੋ ਨਿਬੜਿਆ**

ਹਰੀ ਸਿੰਘ ਪ੍ਰੀਤ ਨੇ ਯੂ.ਪੀ.ਐਸ.ਈ ਦੀ ਪ੍ਰੀਖਿਆ ਪਾਸ ਕਰਨ 'ਤੇ

# ਧੀ ਸਿਮਰਨਦੀਪ ਕੌਰ ਦਾ ਕੀਤਾ ਵਿਸ਼ੇਸ ਸਨਮਾਨ



**ਧੂਰੀ( ਰਣਜੀਤ ਸਿੰਘ ਪੇਧਨੀ )**-ਯੂਨੀਅਨ ਪਬਲਿਕ ਸਰਵਿਸ ਕਮਿਸ਼ਨ (ਯੂ.ਪੀ.ਐਸ.ਈ.) ਦੀ ਪ੍ਰੀਖਿਆ 'ਚ ਪੰਜਾਬ ਭਰ ਵਿੱਚ ਪਹਿਲਾ ਤੇ ਦੇਸ਼ 'ਚ 15ਵਾਂ ਸਥਾਨ ਕਰਨ ਵਾਲੀ ਨਾਭਾ ਹਲਕੇ ਦੇ ਪਿੰਡ ਬਿਰੜਵਾਲ ਦੇ ਕਿਸਾਨ ਕੁਲਦੀਪ ਸਿੰਘ ਦੀ ਹੋਣਹਾਰ ਧੀ ਸਿਮਰਨਦੀਪ ਕੌਰ ਦੇ ਘਰ ਜਾ ਕੇ ਉਨ੍ਹਾਂ ਦੇ ਪਰਵਾਰ ਨਾਲ ਖੁਸ਼ੀ ਸਾਂਝੀ ਕਰਦਿਆਂ ਸਿਮਰਨਦੀਪ ਕੌਰ ਦੇ ਘਰ ਪਹੁੰਚ ਕੇ ਉੱਘੇ ਸਮਾਜ ਸੇਵੀ ਹਰੀ ਸਿੰਘ ਪ੍ਰੀਤ ਐਮ ਡੀ ਪਰੀਤ ਟਰੈਕਟਰ ਅਤੇ ਕੰਬਾਈਨ ਨਾਭਾ ਨੇ ਵਿਸ਼ੇਸ਼ ਸਨਮਾਨਿਤ ਕੀਤਾ ਅਤੇ ਉਸ ਦੇ ਮਾਪਿਆਂ ਨੂੰ ਦਿਲੋਂ ਵਧਾਈ ਦਿੱਤੀ ਅਤੇ ਸਿਮਰਨਦੀਪ ਕੌਰ ਨੂੰ ਉਸ ਦੇ ਆਉਣ ਵਾਲੇ ਸੁਨਹਿਰੀ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਉੱਘੇ ਸਮਾਜ ਸੇਵੀ ਹਰੀ ਸਿੰਘ ਪ੍ਰੀਤ ਨੇ ਕਿਹਾ ਕਿ ਧੀ ਸਿਮਰਨਦੀਪ ਕੌਰ ਨੇ ਯੂ.ਪੀ.ਐਸ.ਸੀ. ਪ੍ਰੀਖਿਆ ਵਿੱਚ ਅੱਵਲ ਰਹਿ ਕੇ ਪੂਰੇ ਪੰਜਾਬ ਦਾ ਨਾਂਅ ਰੌਸ਼ਨ ਕਰਦਿਆਂ ਹਲਕੇ ਦਾ ਮਾਣ ਵਧਾਇਆ ਹੈ ਤੇ ਉਸਦੀ ਇਹ ਉਪਲਬਧੀ ਅਜੋਕੇ ਸਮੇਂ ਦੇ ਨੌਜਵਾਨ ਵਰਗ ਲਈ ਇੱਕ ਵੱਡੀ ਪ੍ਰੇਰਣਾ ਦਾ ਸਰੋਤ ਬਣੇਗੀ।


ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243


# ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਨੇ ਰੁੱਖ ਵੰਡੇ



ਚੌਕ ਮਹਿਤਾ 10 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ) ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਆਮ ਆਦਮੀ ਪਾਰਟੀ ਦੇ ਨਿਧੜਕ ਅਗਾਂਹ ਵਧੂ ਸੀਨੀਅਰ ਲੀਡਰ ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਨੇ ਛਾਂਦਾਰ ਅਤੇ ਫ਼ਲਦਾਰ ਅੱਜ ਰੁੱਖ ਵੰਡੇ। ਉਨ੍ਹਾਂ ਨੇ ਕਿਹਾ ਕਿ ਦਿੱਨੋ ਦਿਨ ਅਸੀ ਰੁੱਖਾਂ ਨੂੰ ਕੱਟੀ ਜਾਂਦੇ ਹਾਂ। ਅਤੇ ਮੋਟਰ ਗੱਡੀਆਂ ਦਾ ਗੰਧਲਾ ਧੂਆਂ ਵਾਤਾਵਰਨ ਨੂੰ ਖ਼ਰਾਬ ਕਰੀਂ ਜਾਂਦਾ ਹੈ ਇਸ ਕਰਕੇ ਸਾਡਾ ਵਾਤਾਵਰਣ ਅਤੇ ਪਾਣੀ ਗੰਧਲਾ ਹੋਈ ਜਾਂਦਾ ਹੈ। ਜਿਸ ਕਾਰਨ ਅੱਜ ਲੋਕ ਭਾਰੀ ਬਿਮਾਰੀਆਂ ਤੋਂ ਪੀੜਤ ਹਨ। ਇਸ ਮੌਕੇ ਤੇ ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਸਾਨੂੰ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ ਅਤੇ ਉਨ੍ਹਾਂ ਦੀ ਪਾਲਣ ਪੋਸ਼ਣ ਆਪਣੇ ਪੁੱਤਰਾਂ ਵਾਂਗ ਕਰਨੀ ਚਾਹੀਦੀ ਹੈ। ਇਸ ਮੌਕੇ ਤੇ ਉਨ੍ਹਾਂ ਦੇ ਨਾਲ ਜਗਜੀਤ ਸਿੰਘ ਉਸਮਾ ਟੇਰਡਰਜ ਕਮਿਸ਼ਨ ਦੇ ਮੈਂਬਰ, ਮਨਜਿੰਦਰ ਸਿੰਘ ਦੁਬਈ, ਗੁਰਜੰਟ ਸਿੰਘ ਦੁਬਈ , ਬਲਜੀਤ ਸਿੰਘ ਉਸਮਾ ਹਾਜ਼ਰ ਸਨ।

# ਸਿੰਕਦਰ ਸਿੰਘ ਭੋਏਵਾਲ ਨੂੰ ਮਜੀਠੇ ਬਲਾਕ ਸੰਮਤੀ ਚੇਅਰਮੈਨ ਬਣਨ ਤੇ ਇਲਾਕੇ ਵਿੱਚ ਖੁਸ਼ੀ ਦੀ ਲਹਿਰ



**ਚੌਕ ਮਹਿਤਾ,10 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਹਲਕਾ ਮਜੀਠੇ ਦਾ ਆਮ ਆਦਮੀ ਪਾਰਟੀ ਦਾ ਸੀਨੀਅਰ ਲੀਡਰ ਅਗਾਂਹ ਵਧੂ ਸੋਚ ਦਾ ਮਾਲਕ ਸਿੰਕਦਰ ਸਿੰਘ ਭੋਏਵਾਲ ਨੂੰ ਮਜੀਠੇ ਬਲਾਕ ਦਾ ਚੇਅਰਮੈਨ ਨਿਯੁਕਤ ਹੋਣ ਤੇ ਪਿੰਡ ਭੋਏਵਾਲ ਅਤੇ ਇਲਾਕੇ ਦੇ ਲੋਕਾਂ ਵਿੱਚ ਖੁਸ਼ੀ ਦੀ ਲਹਿਰ ਅਤੇ ਇਲਾਕੇ ਦੇ ਲੋਕ ਹੋਏ ਬਾਗੋ ਬਾਗ ਇਸ ਮੌਕੇ ਚੇਅਰਮੈਨ ਸਿੰਕਦਰ ਸਿੰਘ ਭੋਏਵਾਲ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਇਲਾਕੇ ਦੇ ਨੌਜਵਾਨ ਸਿੰਕਦਰ ਸਿੰਘ ਭੋਏਵਾਲ ਨੂੰ ਅਸ਼ੀਰਵਾਦ ਦੇ ਕੇ ਚੇਅਰਮੈਨ ਥਾਪਿਆ ਗਿਆ। ਉਨ੍ਹਾਂ ਨੇ ਕਿਹਾ ਕਿ ਮੈਨੂੰ ਦਿੱਤੀ ਜ਼ਿਮੇਵਾਰ ਨੂੰ ਤਨ ਮਨ ਧੰਨ ਨਾਲ ਨਿਭਾਵਾਂਗਾ ਅਤੇ ਇਲਾਕੇ ਦੇ ਵੋਟਰਾਂ ਅਤੇ ਸਪੋਟਰਾ ਦਾ ਦਿੱਲੋ ਧੰਨਵਾਦ ਕਰਦਾ ਹਾਂ।

# ਸੰਗਰੂਰ ਪੁਲਿਸ ਵੱਲੋਂ ਮਿਤੀ 03.03.2026 ਤੋਂ 09.03.2026 ਤਕ ਡਰੱਗ ਦੇ 03 ਮੁਕੱਦਮੇ ਦਰਜ ਕਰ ਕੇ 05 ਕਥਿਤ ਦੋਸ਼ੀ ਗ੍ਰਿਫਤਾਰ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਸ਼੍ਰੀ ਸਰਤਾਜ ਸਿੰਘ ਚਾਹਲ, ਐਸ.ਐਸ.ਪੀ., ਸੰਗਰੂਰ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਸਬ ਡਵੀਜ਼ਨ ਸੰਗਰੂਰ ਪੁਲਿਸ ਵੱਲੋਂ "ਯੁੱਧ ਨਸ਼ਿਆਂ ਵਿਰੁੱਧ" ਅਤੇ "ਪਿੰਡਾਂ ਦੇ ਪਹਿਰੇਦਾਰ" ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ ਮਿਤੀ 03.03.2026 ਤੋਂ 09.03.2026 ਤਕ ਡਰੱਗ ਦੇ 03 ਮੁਕੱਦਮੇ ਦਰਜ ਕਰ ਕੇ 05 ਕਥਿਤ ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਗਿਆ, ਜਿਨ੍ਹਾਂ ਪਾਸੋਂ 76 ਗ੍ਰਾਮ ਹੈਰੋਇਨ/ਚਿੱਟਾ ਬ੍ਰਾਮਦ ਕੀਤਾ ਗਿਆ।

ਨਸ਼ੇ ਦੀ ਦਲਦਲ ਵਿੱਚ ਫਸੇ 06 ਵਿਅਕਤੀਆਂ ਨੂੰ ਦਵਾਈ ਦਿਵਾਈ ਗਈ। ਇਸ ਤੋਂ ਇਲਾਵਾ ਥਾਣਾ ਸਿਟੀ ਸੰਗਰੂਰ ਦੇ ਏਰੀਆ ਵਿੱਚ ਹੋਈ ਚੋਰੀ ਸਬੰਧੀ ਦਰਜ ਮੁਕੱਦਮਿਆਂ ਨੂੰ ਟਰੇਸ ਕਰਦੇ ਹੋਏ 03 ਕਥਿਤ ਦੋਸ਼ੀਆਨ ਨੂੰ ਗ੍ਰਿਫਤਾਰ ਕਰ ਕੇ ਉਨ੍ਹਾਂ ਪਾਸੋਂ 6.49 ਗ੍ਰਾਮ ਸੋਨੇ ਦੇ ਗਹਿਣੇ ਅਤੇ 44.49 ਗ੍ਰਾਮ ਚਾਂਦੀ ਬ੍ਰਾਮਦ ਕੀਤੀ ਗਈ।

ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਦੇ ਵੱਖ-ਵੱਖ ਜੁਰਮਾਂ ਤਹਿਤ ਕਰੀਬ 185 ਟਰੈਫਿਕ ਚਲਾਣ ਕੀਤੇ ਗਏ ਹਨ। ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕਰਕੇ 227 ਵਿਅਕਤੀਆਂ ਵਿਰੁੱਧ 172 BNSS ਤਹਿਤ ਕਾਰਵਾਈ ਕੀਤੀ ਗਈ ਅਤੇ 06 ਵਿਅਕਤੀਆਂ ਵਿਰੁੱਧ ਰੋਕੂ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ।

ਪਬਲਿਕ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ। ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ਮੋਹਤਵਰ ਪੁਰਸ਼ਾਂ ਨਾਲ ਮੀਟਿੰਗਾਂ ਕਰ ਕੇ ਆਮ ਪਬਲਿਕ ਅਤੇ ਨੌਜਵਾਨਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ।

ਨਸ਼ੇ ਦਾ ਧੰਦਾ ਕਰਨ ਵਾਲੇ ਅਤੇ ਮਾੜੇ ਅਨਸਰਾਂ ਖਿਲਾਫ ਇਤਲਾਹ ਮਿਲਣ ਪਰ ਫੌਰੀ ਕਾਨੂੰਨੀ ਕਾਰਵਾਈ ਕਰਦੇ ਹੋਏ ਨਸ਼ਿਆਂ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ। ਨਸ਼ਿਆਂ ਖਿਲਾਫ ਜੰਗ ਜਾਰੀ ਹੈ।

# ਪਹਿਲਾ ਬਰਸੀ ਸਮਾਗਮ



ਆਵਾਜ਼ਿ ਕੌਮ
AWAZE QAUM
International Newspaper & WEB TV

## ਸਰਦਾਰ ਸੁਖਦੇਵ ਸਿੰਘ ਢੀਂਡਸਾ ਜੀ

(ਸੀਨੀਅਰ ਅਕਾਲੀ ਆਗੂ ਅਤੇ ਸਾਬਕਾ ਮੰਤਰੀ, ਭਾਰਤ ਸਰਕਾਰ)

ਮਿਤੀ - 11 ਮਾਰਚ 2026 ਦਿਨ ਬੁੱਧਵਾਰ

ਕੀਰਤਨ ਅਤੇ ਅਰਦਾਸ - ਸਵੇਰੇ 09:30 ਵਜੇ ਤੋਂ 11ਵਜੇ ਤੱਕ

ਸਥਾਨ - ਗੁਰਦੁਆਰਾ ਸ੍ਰੀ ਨਾਨਕਿਆਣਾ ਸਾਹਿਬ, ਸੰਗਰੂਰ

ਵੱਲੋਂ:

**ਸ. ਪਰਮਿੰਦਰ ਸਿੰਘ ਢੀਂਡਸਾ**

( ਸਾਬਕਾ ਖਜ਼ਾਨਾ ਮੰਤਰੀ ਪੰਜਾਬ )

## First Barsi Samagam

**Sardar Sukhdev Singh Dhindsa**

(Senior Akali Leader and Former Cabinet Ministers, Government of India)

Date : 11 March 2026 (Wednesday)

Kirtan & Ardas : 09:30 am to 11 am

Place: Gurudwara Shri Nankiana Sahib, Sangrur

From:

**S. Parminder Singh Dhindsa**

(Former Finance Minister Punjab)

# ਸਿਆਣਪ ਅਤੇ ਜ਼ਿੱਦ



ਕਹਿੰਦੇ ਹਨ ਕਿ ਬੋਲ ਸਿਆਣਿਆਂ ਨੂੰ ਸਿਖਾਉਂਦੇ ਹਨ ਪਰ ਸਬੂਤ ਵੀ ਜ਼ਿੱਦੀ ਮੂਰਖ ਨੂੰ ਨਹੀਂ ਸਿਖਾ ਸਕਦੇ।

ਮਨੁੱਖੀ ਜੀਵਨ ਤਜ਼ਰਬਿਆਂ, ਸਿੱਖਿਆਵਾਂ ਅਤੇ ਸਿੱਖਣ ਦੇ ਮੌਕਿਆਂ ਨਾਲ ਭਰਿਆ ਹੋਇਆ ਹੈ। ਕੁਝ ਲੋਕ ਹਰ ਤਜ਼ਰਬੇ ਨਾਲ ਹੋਰ ਸਿਆਣੇ ਬਣਦੇ ਜਾਂਦੇ ਹਨ, ਜਦਕਿ ਕੁਝ ਲੋਕ ਵਾਰ-ਵਾਰ ਦੀਆਂ ਹਦਾਇਤਾਂ ਅਤੇ ਸਪੱਸ਼ਟ ਸਬੂਤਾਂ ਦੇ ਬਾਵਜੂਦ ਵੀ ਨਹੀਂ ਬਦਲਦੇ। ਇੱਕ ਪੁਰਾਣੀ ਕਹਾਵਤ ਹੈ: "ਸਿਆਣਿਆਂ ਨੂੰ ਬੋਲਾਂ ਨਾਲ ਸਿਖਾਇਆ ਜਾ ਸਕਦਾ ਹੈ, ਪਰ ਜ਼ਿੱਦੀ ਮੂਰਖ ਨੂੰ ਸਬੂਤ ਵੀ ਨਹੀਂ ਸਿਖਾ ਸਕਦੇ।"

ਆਵਾਜ਼ਿ ਕੌਮ AWAZE QAUM International Newspaper & WEB TV

ਇਹ ਕਹਾਵਤ ਮਨੁੱਖੀ ਵਿਉਹਾਰ ਅਤੇ ਸਿੱਖਣ ਦੀ ਪ੍ਰਕਿਰਿਆ ਬਾਰੇ ਇੱਕ ਡੂੰਘੀ ਸੱਚਾਈ ਦਰਸਾਉਂਦੀ ਹੈ। ਇਹ ਉਹਨਾਂ ਲੋਕਾਂ ਵਿਚਕਾਰ ਫਰਕ ਦਿਖਾਉਂਦੀ ਹੈ ਜੋ ਗਿਆਨ ਲਈ ਖੁੱਲ੍ਹੇ ਹੁੰਦੇ ਹਨ ਅਤੇ ਉਹ ਜੋ ਸਪੱਸ਼ਟ ਸੱਚਾਈ ਦੇ ਬਾਵਜੂਦ ਵੀ ਜ਼ਿੱਦੀ ਅਤੇ ਅਡਿੱਗ ਰਹਿੰਦੇ ਹਨ।

**ਅਰਥ ਦੀ ਸਮਝ**-ਇਸ ਅਖੌਤ ਦਾ ਮਤਲਬ ਹੈ ਕਿ ਸਿਆਣਾ ਵਿਅਕਤੀ ਕਿਸੇ ਗਲਤੀ ਤੋਂ ਸਿੱਖਣ ਲਈ ਸਖ਼ਤ ਸਜ਼ਾ, ਵਾਰ-ਵਾਰ ਦੀਆਂ ਗਲਤੀਆਂ ਜਾਂ ਕਠਿਨ ਤਜ਼ਰਬਿਆਂ ਦੀ ਲੋੜ ਨਹੀਂ ਮਹਿਸੂਸ ਕਰਦਾ। ਸਾਧਾਰਨ ਸਲਾਹ, ਮਾਰਗਦਰਸ਼ਨ ਜਾਂ ਨਰਮ ਬੋਲ ਹੀ ਉਸ ਲਈ ਕਾਫ਼ੀ ਹੁੰਦੇ ਹਨ। ਉਹ ਸੋਚਣ, ਵਿਚਾਰ ਕਰਨ ਅਤੇ ਆਪਣੇ ਵਿਉਹਾਰ ਨੂੰ ਸੁਧਾਰਨ ਦੀ ਸਮਰੱਥਾ ਰੱਖਦਾ ਹੈ।

ਦੂਜੇ ਪਾਸੇ, ਜ਼ਿੱਦੀ ਮੂਰਖ ਉਹ ਵਿਅਕਤੀ ਹੁੰਦਾ ਹੈ ਜੋ ਬਹੁਤ ਹਠੀ, ਹੰਕਾਰੀ ਜਾਂ ਦੂਜਿਆਂ ਦੀ ਗੱਲ ਸੁਣਨ ਲਈ ਤਿਆਰ ਨਹੀਂ ਹੁੰਦਾ। ਸਪੱਸ਼ਟ ਸਬੂਤ, ਤਰਕ ਜਾਂ ਅਸਲੀ ਜ਼ਿੰਦਗੀ ਦੇ ਨਤੀਜ਼ੇ ਵੇਖਣ ਦੇ ਬਾਵਜੂਦ ਵੀ ਉਹ ਆਪਣੀ ਸੋਚ ਜਾਂ ਕਰਮਾਂ ਨੂੰ ਬਦਲਣ ਤੋਂ ਇਨਕਾਰ ਕਰਦਾ ਹੈ। ਉਸਦਾ ਹੰਕਾਰ, ਘਮੰਡ ਜਾਂ ਅਗਿਆਨਤਾ ਉਸ ਨੂੰ ਸਿੱਖਣ ਤੋਂ ਰੋਕ ਲੈਂਦੀ ਹੈ।

ਸਾਧਾਰਨ ਸ਼ਬਦਾਂ ਵਿੱਚ ਕਹੀਏ ਤਾਂ ਸਿਆਣਪ ਮਨੁੱਖ ਨੂੰ ਆਸਾਨੀ ਨਾਲ ਸਿੱਖਣ ਦੀ ਯੋਗਤਾ ਦਿੰਦੀ ਹੈ, ਜਦਕਿ ਜ਼ਿੱਦ ਸਪੱਸ਼ਟ ਸੱਚਾਈ ਦੇ ਬਾਵਜੂਦ ਵੀ ਸਿੱਖਣ ਦਾ ਰਾਹ ਰੋਕ ਦਿੰਦੀ ਹੈ।

**ਸਿਆਣੇ ਵਿਅਕਤੀ ਦੀਆਂ ਵਿਸ਼ੇਸ਼ਤਾਵਾਂ**-ਸਿਆਣਾ ਵਿਅਕਤੀ ਆਮ ਤੌਰ 'ਤੇ ਕੁਝ ਖਾਸ ਗੁਣ ਰੱਖਦਾ ਹੈ ਜੋ ਉਸਨੂੰ ਸਧਾਰਨ ਸਲਾਹ ਤੋਂ ਵੀ ਸਿੱਖਣ ਯੋਗ ਬਣਾਉਂਦੇ ਹਨ।

**ਖੁੱਲ੍ਹਾ ਮਨ**: ਸਿਆਣੇ ਲੋਕ ਦੂਜਿਆਂ ਦੀ ਗੱਲ ਸੁਣਨ ਲਈ ਤਿਆਰ ਰਹਿੰਦੇ ਹਨ। ਉਹ ਗਿਆਨ ਦੀ ਕਦਰ ਕਰਦੇ ਹਨ ਅਤੇ ਅਧਿਆਪਕਾਂ, ਬਜ਼ੁਰਗਾਂ ਅਤੇ ਤਜ਼ਰਬੇਕਾਰ ਲੋਕਾਂ ਦੀ ਸਲਾਹ ਨੂੰ ਮਹੱਤਵ ਦਿੰਦੇ ਹਨ।

**ਆਤਮ-ਵਿਸ਼ਲੇਸ਼ਣ**: ਉਹ ਆਪਣੇ ਕਰਮਾਂ ਅਤੇ ਗਲਤੀਆਂ ਬਾਰੇ ਸੋਚਦੇ ਹਨ। ਇਹ ਆਤਮ-ਸਚੇਤਨਾ ਉਨ੍ਹਾਂ ਨੂੰ ਬਿਨਾਂ ਸਖ਼ਤ ਸਜ਼ਾ ਦੇ ਆਪਣੇ ਆਪ ਨੂੰ ਸੁਧਾਰਨ ਵਿੱਚ ਮਦਦ ਕਰਦੀ ਹੈ।

**ਨਿਮਰਤਾ**: ਸਿਆਣਾ ਮਨੁੱਖ ਜਾਣਦਾ ਹੈ ਕਿ ਕੋਈ ਵੀ ਸਭ ਕੁਝ ਨਹੀਂ ਜਾਣਦਾ। ਇਸ ਕਰਕੇ ਉਹ ਸਦਾ ਨਵਾਂ ਸਿੱਖਣ ਲਈ ਤਿਆਰ ਰਹਿੰਦਾ ਹੈ।

ਦੂਜਿਆਂ ਦੇ ਤਜ਼ਰਬਿਆਂ ਤੋਂ ਸਿੱਖਣਾ:

ਸਿਆਣੇ ਲੋਕ ਉਹੀ ਗਲਤੀਆਂ ਦੁਹਰਾਉਣ ਦੀ ਬਜਾਏ ਦੂਜਿਆਂ ਦੇ ਤਜ਼ਰਬਿਆਂ ਤੋਂ ਸਿੱਖ ਲੈਂਦੇ ਹਨ।

ਇਹ ਗੁਣ ਉਨ੍ਹਾਂ ਨੂੰ ਬੌਧਿਕ ਅਤੇ ਭਾਵਨਾਤਮਕ ਤੌਰ 'ਤੇ ਤੇਜ਼ੀ ਨਾਲ ਵਿਕਸਿਤ ਹੋਣ ਵਿੱਚ ਮਦਦ ਕਰਦੇ ਹਨ।

**ਜ਼ਿੱਦੀ ਮੂਰਖ ਦੀਆਂ ਵਿਸ਼ੇਸ਼ਤਾਵਾਂ**-ਇਸਦੇ ਉਲਟ, ਜ਼ਿੱਦੀ ਮੂਰਖ ਵਿੱਚ ਕੁਝ ਨਕਾਰਾਤਮਕ ਗੁਣ ਹੁੰਦੇ ਹਨ ਜੋ ਸਿੱਖਣ ਦੀ ਪ੍ਰਕਿਰਿਆ ਨੂੰ ਰੋਕ ਦਿੰਦੇ ਹਨ।

**ਜ਼ਿੱਦ**: ਉਹ ਆਪਣੀਆਂ ਗਲਤ ਧਾਰਣਾਵਾਂ ਨਾਲ ਵੀ ਚੰਬੜੇ ਰਹਿੰਦੇ ਹਨ।

**ਹੰਕਾਰ** : ਉਹ ਸਮਝਦੇ ਹਨ ਕਿ ਉਹ ਹਮੇਸ਼ਾਂ ਸਹੀ ਹਨ ਅਤੇ ਕਿਸੇ ਦੀ ਸਲਾਹ ਮੰਨਣ ਤੋਂ ਇਨਕਾਰ ਕਰਦੇ ਹਨ।

**ਆਤਮ-.ਵਿਸ਼ਲੇਸ਼ਣ ਦੀ ਘਾਟ**: ਉਹ ਆਪਣੀਆਂ ਗਲਤੀਆਂ ਜਾਂ ਕਮਜ਼ੋਰੀਆਂ ਬਾਰੇ ਸੋਚਦੇ ਨਹੀਂ।

**ਸਬੂਤਾਂ ਨੂੰ ਰੱਦ ਕਰਨਾ** : ਸਪੱਸ਼ਟ ਤੱਥਾਂ ਜਾਂ ਸਬੂਤਾਂ ਦੇ ਬਾਵਜੂਦ ਵੀ ਉਹ ਸੱਚਾਈ ਨੂੰ ਸਵੀਕਾਰ ਨਹੀਂ ਕਰਦੇ।

ਇਨ੍ਹਾਂ ਕਾਰਨਾਂ ਕਰਕੇ ਉਹ ਵਾਰ-ਵਾਰ ਉਹੀ ਗਲਤੀਆਂ ਦੁਹਰਾਉਂਦੇ ਰਹਿੰਦੇ ਹਨ।

ਅਸਲ ਜ਼ਿੰਦਗੀ ਵਿੱਚ ਇਸ ਵਿਚਾਰ ਦੀ ਝਲਕ

**ਸਿੱਖਿਆ ਵਿੱਚ** -ਕਲਾਸਰੂਮ ਵਿੱਚ ਕੁਝ ਵਿਦਿਆਰਥੀ ਅਧਿਆਪਕ ਦੀ ਇਕ ਵਾਰ ਦੀ ਵਿਆਖਿਆ ਨਾਲ ਹੀ ਪਾਠ ਸਮਝ ਲੈਂਦੇ ਹਨ। ਉਹ ਧਿਆਨ ਨਾਲ ਸੁਣਦੇ ਹਨ ਅਤੇ ਸਲਾਹ ਨੂੰ ਅਮਲ ਵਿੱਚ ਲਿਆਉਂਦੇ ਹਨ।

ਪਰ ਕੁਝ ਵਿਦਿਆਰਥੀ ਵਾਰ-ਵਾਰ ਦੀ ਸਲਾਹ ਨੂੰ ਨਜ਼ਰਅੰਦਾਜ਼ ਕਰਦੇ ਹਨ। ਇਮਤਿਹਾਨਾਂ ਵਿੱਚ ਅਸਫਲ ਹੋਣ ਦੇ ਬਾਵਜੂਦ ਵੀ ਉਹ ਆਪਣੀਆਂ ਆਦਤਾਂ ਨਹੀਂ ਬਦਲਦੇ।

**ਸਿਹਤ ਅਤੇ ਜੀਵਨਸ਼ੈਲੀ ਵਿੱਚ**-ਡਾਕਟਰ ਅਕਸਰ ਮਰੀਜ਼ਾਂ ਨੂੰ ਸਿਹਤਮੰਦ ਆਦਤਾਂ ਅਪਣਾਉਣ ਦੀ ਸਲਾਹ ਦਿੰਦੇ ਹਨ, ਜਿਵੇਂ ਕਿ ਸੰਤੁਲਿਤ ਆਹਾਰ, ਕਸਰਤ ਅਤੇ ਨੁਕਸਾਨਦਾਇਕ ਪਦਾਰਥਾਂ ਤੋਂ ਦੂਰ ਰਹਿਣਾ।

ਸਿਆਣਾ ਵਿਅਕਤੀ ਇਹ ਸਲਾਹ ਮੰਨ ਕੇ ਆਪਣੀ ਸਿਹਤ ਸੁਧਾਰ ਲੈਂਦਾ ਹੈ, ਪਰ ਜ਼ਿੱਦੀ ਵਿਅਕਤੀ ਇਹ ਹਦਾਇਤਾਂ ਨਜ਼ਰਅੰਦਾਜ਼ ਕਰਦਾ ਹੈ ਅਤੇ ਕਈ ਵਾਰ ਗੰਭੀਰ ਬਿਮਾਰੀਆਂ ਦਾ ਸ਼ਿਕਾਰ ਹੋਣ ਤੱਕ ਵੀ ਨਹੀਂ ਸਿੱਖਦਾ।

**ਸਮਾਜਿਕ ਸੰਬੰਧਾਂ ਵਿੱਚ**-ਸਿਆਣੇ ਲੋਕ ਛੋਟੀਆਂ ਗਲਤਫ਼ਹਿਮੀਆਂ ਤੋਂ ਸਿੱਖ ਕੇ ਸੰਚਾਰ ਨੂੰ ਸੁਧਾਰਦੇ ਹਨ। ਉਹ ਆਪਣੀ ਗਲਤੀ ਮੰਨਣ ਤੋਂ ਨਹੀਂ ਘਬਰਾਉਂਦੇ।

ਪਰ ਜ਼ਿੱਦੀ ਲੋਕ ਆਪਣੀਆਂ ਗਲਤੀਆਂ ਮੰਨਣ ਤੋਂ ਇਨਕਾਰ ਕਰਦੇ ਹਨ ਅਤੇ ਅਕਸਰ ਦੂਜਿਆਂ ਨੂੰ ਦੋਸ਼ ਦਿੰਦੇ ਰਹਿੰਦੇ ਹਨ।

**ਪੇਸ਼ਾਵਰ ਜੀਵਨ ਵਿੱਚ**-ਕਾਰਜਸਥਲ 'ਤੇ ਉਹ ਕਰਮਚਾਰੀ ਜੋ ਸੁਝਾਅ ਅਤੇ ਆਲੋਚਨਾ ਨੂੰ ਸਵੀਕਾਰ ਕਰਦੇ ਹਨ, ਉਹ ਤੇਜ਼ੀ ਨਾਲ ਤਰੱਕੀ ਕਰਦੇ ਹਨ।

ਜੋ ਲੋਕ ਰਚਨਾਤਮਕ ਆਲੋਚਨਾ ਨਹੀਂ ਮੰਨਦੇ, ਉਹ ਆਪਣੇ ਕੈਰੀਅਰ ਵਿੱਚ ਅੱਗੇ ਨਹੀਂ ਵੱਧ ਸਕਦੇ।

**ਮਨੋਵਿਗਿਆਨਕ ਵਿਆਖਿਆ**-ਆਧੁਨਿਕ ਮਨੋਵਿਗਿਆਨ ਵੀ ਇਸ ਵਿਚਾਰ ਦੀ ਪੁਸ਼ਟੀ ਕਰਦਾ ਹੈ। ਮਨੁੱਖੀ ਸਿੱਖਣ ਬਹੁਤ ਹੱਦ ਤੱਕ ਮਨੋਭਾਵਾਂ ਅਤੇ ਸੋਚ 'ਤੇ ਨਿਰਭਰ ਕਰਦਾ ਹੈ। ਜਿਨ੍ਹਾਂ ਲੋਕਾਂ ਵਿੱਚ ਵਿਕਾਸਸ਼ੀਲ ਸੋਚ ਹੁੰਦੀ ਹੈ, ਉਹ ਮੰਨਦੇ ਹਨ ਕਿ ਮਿਹਨਤ ਅਤੇ ਸਿੱਖਣ ਨਾਲ ਯੋਗਤਾਵਾਂ ਵੱਧ ਸਕਦੀਆਂ ਹਨ। ਇਸ ਕਰਕੇ ਉਹ ਸਲਾਹ ਅਤੇ ਆਲੋਚਨਾ ਨੂੰ ਸਵੀਕਾਰ ਕਰਦੇ ਹਨ।

ਦੂਜੇ ਪਾਸੇ, ਸਥਿਰ ਸੋਚ ਵਾਲੇ ਲੋਕ ਸਮਝਦੇ ਹਨ ਕਿ ਉਹ ਪਹਿਲਾਂ ਹੀ ਸਹੀ ਹਨ। ਇਸ ਕਰਕੇ ਉਹ ਨਵੀਆਂ ਵਿਚਾਰਧਾਰਾਵਾਂ ਜਾਂ ਆਲੋਚਨਾ ਨੂੰ ਅਕਸਰ ਰੱਦ ਕਰ ਦਿੰਦੇ ਹਨ।

**ਸਿਆਣਪ ਵਿਕਸਿਤ ਕਰਨ ਦੀ ਮਹੱਤਤਾ**-ਇਸ ਅਖੌਤ ਨੂੰ ਸਮਝਣ ਨਾਲ ਮਨੁੱਖ ਨੂੰ ਸਿਆਣਪ ਦੇ ਗੁਣ ਵਿਕਸਿਤ ਕਰਨ ਲਈ ਪ੍ਰੇਰਣਾ ਮਿਲਦੀ ਹੈ। ਸਲਾਹ ਨੂੰ ਮੰਨਣ ਨਾਲ ਬੇਕਾਰ ਦੀਆਂ ਗਲਤੀਆਂ ਤੋਂ ਬਚਿਆ ਜਾ ਸਕਦਾ ਹੈ। ਸਾਧਾਰਨ ਮਾਰਗਦਰਸ਼ਨ ਤੋਂ ਸਿੱਖਣਾ ਸਮਾਂ, ਊਰਜਾ ਅਤੇ ਦੁੱਖ ਨੂੰ ਬਚਾਉਂਦਾ ਹੈ। ਸਿਆਣੇ ਲੋਕ ਸਮਾਜ ਲਈ ਵੀ ਲਾਭਦਾਇਕ ਹੁੰਦੇ ਹਨ ਕਿਉਂਕਿ ਉਹ ਸੋਚ-ਸਮਝ ਕੇ ਫ਼ੈਸਲੇ ਕਰਦੇ ਹਨ ਅਤੇ ਗਿਆਨ ਦੀ ਕਦਰ ਕਰਦੇ ਹਨ।

"ਸਿਆਣਿਆਂ ਨੂੰ ਬੋਲਾਂ ਨਾਲ ਸਿਖਾਇਆ ਜਾ ਸਕਦਾ ਹੈ ਪਰ ਜ਼ਿੱਦੀ ਮੂਰਖ ਨੂੰ ਸਬੂਤ ਵੀ ਨਹੀਂ ਸਿਖਾ ਸਕਦੇ" ਵਾਲੀ ਅਖੌਤ ਮਨੁੱਖੀ ਸੁਭਾਵ ਬਾਰੇ ਇਕ ਸਦੀਵੀ ਸੱਚਾਈ ਦਰਸਾਉਂਦੀ ਹੈ। ਸਿਆਣਪ ਮਨੁੱਖ ਨੂੰ ਸਧਾਰਨ ਮਾਰਗਦਰਸ਼ਨ, ਤਜ਼ਰਬੇ ਅਤੇ ਆਤਮ-ਚਿੰਤਨ ਰਾਹੀਂ ਸਿੱਖਣ ਯੋਗ ਬਣਾਉਂਦੀ ਹੈ। ਦੂਜੇ ਪਾਸੇ, ਜ਼ਿੱਦ, ਹੰਕਾਰ ਅਤੇ ਅਗਿਆਨਤਾ ਸਪੱਸ਼ਟ ਸਬੂਤਾਂ ਦੇ ਬਾਵਜੂਦ ਵੀ ਸਿੱਖਣ ਨੂੰ ਰੋਕ ਦਿੰਦੇ ਹਨ। ਅੰਤ ਵਿੱਚ, ਕਿਸੇ ਮਨੁੱਖ ਦੀ ਅਸਲੀ ਸਿਆਣਪ ਉਸਦੀ ਜਾਣਕਾਰੀ ਵਿੱਚ ਨਹੀਂ, ਸਗੋਂ ਦੂਜਿਆਂ ਤੋਂ ਸਿੱਖਣ ਦੀ ਨਿਮਰਤਾ ਅਤੇ ਜ਼ਰੂਰਤ ਪੈਣ 'ਤੇ ਆਪਣੇ ਆਪ ਨੂੰ ਬਦਲਣ ਦੇ ਹੌਸਲੇ ਵਿੱਚ ਹੁੰਦੀ ਹੈ।

**-ਡਾ. ਸੁਰਿੰਦਰਪਾਲ ਸਿੰਘ, ਵਿਗਿਆਨ ਅਧਿਆਪਕ**
**ਸ੍ਰੀ ਅੰਮ੍ਰਿਤਸਰ ਸਾਹਿਬ, ਪੰਜਾਬ।**

## ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਮੋਗਾ ਵਿਖੇ

# ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ ਗਿਆ, ਮਹਿਲਾ ਅਧਿਆਪਕਾਂ ਦਾ ਸਨਮਾਨ




**ਬਿਲਾਸਪੁਰ/ਮੋਗਾ (ਵਰਿਆਮ ਹਠੂਰ)**-ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਮੋਗਾ ਵਿਖੇ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਸਭ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਸਮਾਜ ਵਿੱਚ ਮਹਿਲਾਵਾਂ ਦੀ ਮਹੱਤਤਾ ਅਤੇ ਉਨ੍ਹਾਂ ਦੇ ਯੋਗਦਾਨ ਬਾਰੇ ਸੁੰਦਰ ਪ੍ਰਸਤੁਤੀਆਂ ਪੇਸ਼ ਕੀਤੀਆਂ ਗਈਆਂ। ਇਸ ਦੌਰਾਨ ਸਕੂਲ ਦੇ ਪ੍ਰਿੰਸੀਪਲ ਕੁੰਜੂਮੋਲ ਜੋਅ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਮਹਿਲਾਵਾਂ ਸਮਾਜ ਦੀ ਤਾਕਤ ਹਨ ਅਤੇ ਹਰ ਖੇਤਰ ਵਿੱਚ ਅਹਿਮ ਭੂਮਿਕਾ ਨਿਭਾ ਰਹੀਆਂ ਹਨ। ਉਨ੍ਹਾਂ ਨੇ ਸਭ ਨੂੰ ਮਹਿਲਾਵਾਂ ਦਾ ਸਤਿਕਾਰ ਕਰਨ ਅਤੇ ਸਮਾਨਤਾ ਦਾ ਸੰਦੇਸ਼ ਫੈਲਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ 'ਤੇ ਸਕੂਲ ਦੀਆਂ ਮਹਿਲਾ ਅਧਿਆਪਕਾਂ ਨੂੰ ਉਨ੍ਹਾਂ ਦੀ ਮਿਹਨਤ ਅਤੇ ਯੋਗਦਾਨ ਲਈ ਵਿਸ਼ੇਸ਼ ਤੌਰ 'ਤੇ ਸਨਮਾਨਿਤ ਵੀ ਕੀਤਾ ਗਿਆ। ਸਮਾਗਮ ਦੇ ਅੰਤ ਵਿੱਚ ਇਸ ਮੌਕੇ ਤੇ ਮੌਜੂਦ ਸਕੂਲ ਪ੍ਰਧਾਨ ਚਰਨ ਸਿੰਘ, ਚੇਅਰਮੈੱਨ ਯੋਗਿੰਦਰ ਸ਼ਰਮਾ ਤੇ ਵਾਇਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਸਭ ਨੂੰ ਮਹਿਲਾ ਦਿਵਸ ਦੀਆਂ ਵਧਾਈਆਂ ਦਿੱਤੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

# ਅੰਤਰਰਾਸ਼ਟਰੀ ਮਹਿਲਾ ਦਿਵਸ ਤੇ ਸਦਾਵਰਤ ਪੰਚਾਇਤੀ ਟਰੱਸਟ ਵੱਲੋਂ ਕਰਵਾਇਆ ਸਮਾਗਮ




ਫ਼ਿਰੋਜ਼ਪੁਰ, 10 ਮਾਰਚ (ਮਨੋਹਰ ਲਾਲ) :— ਸਦਾਵਰਤ ਪੰਚਾਇਤੀ ਟਰੱਸਟ ਵੱਲੋਂ ਸਾਲ ਵਿਚ ਇਕ ਦਿਨ ਨਹੀਂ ਰੋਜਾਨਾ 365 ਦਿਨ ਹੀ ਲੰਬੇ ਅਰਸੇ ਤੋਂ ਇਸਤਰੀ ਦਿਵਸ ਮਨਾਇਆ ਜਾ ਰਿਹਾ ਹੈ ਅਤੇ ਮਨਾਇਆ ਜਾਂਦਾ ਰਹੇਗਾ। ਇਹ ਵਿਚਾਰ ਸ੍ਰੀ ਪੀ.ਸੀ ਕੁਮਾਰ ਨੇ ਸਾਂਝੇ ਕਰਦੇ ਹੋਏ ਕਿਹਾ ਕਿ 1914 ਤੋਂ ਇਨ੍ਹਾਂ ਕੁਦਰਤੀ ਆਫਤਾਂ ਵਿਚ ਆਏ ਪਰਿਵਾਰਾਂ ਦੀ ਮੱਦਦ ਲਈ ਖਾਸ ਤੌਰ ਤੇ ਵਿਧਵਾ, ਬੇਸਹਾਰਾ, ਯਤੀਨ ਬਜ਼ੁਰਗਾਂ, ਬਿਮਾਰ ਆਦਿ ਪਰਿਵਾਰਾਂ ਦੀ ਬਗੈਰ ਕਿਸੇ ਭੇਦ—ਭਾਵ, ਜਾਤ—ਪਾਤ ਇਲਾਕਾਈ ਭਾਸ਼ਾਈ, ਦੇਸ਼ ਦਾਸਾਤਰਾ ਵਿਚ ਇਹ ਮੱਦਦ ਕਰਦੀ ਹੋਈ ਗਰੀਬ ਦਾ ਮੂੰਹ ਗੁਰੂ ਦੀ ਗੋਲਕ, ਜ਼ੋ ਜੀਵ ਜੰਤੂਆਂ ਨੂੰ ਪਿਆਰ ਕਰਦੇ ਹਨ, ਰੱਬ ਉਨ੍ਹਾਂ ਨੂੰ ਪਿਆਰ ਕਰਦਾ ਹੈ, ਦਾ ਸਹਾਰਾ ਲੈ ਕੇ ਇਸ ਸੰਸਥਾ ਦਾ ਕਾਰਜ ਕਰਤਾ ਔਮ ਪ੍ਰਕਾਸ਼ ਚਾਵਲਾ, ਡੀ.ਕੇ ਬਜਾਜ, ਰਜਨੀਸ਼ ਕਪੂਰ, ਮਦਨ ਲਾਲ ਆਦਿ ਰੋਜਾਨਾ ਸ੍ਰੀ ਪੀ.ਸੀ ਕੁਮਾਰ ਇਸ ਸੰਸਥਾ ਦੇ ਮੁੱਖ ਕਾਰਜਕਰਤਾ ਪਿਛਲੇ ਪੰਜਾਹ ਸਾਲਾਂ ਤੋਂ ਇਸ ਨੂੰ ਸਰਕਾਰੀ, ਅਰਧ ਸਰਕਾਰੀ, ਪ੍ਰਾਈਵੇਟ ਅਦਾਰਿਆਂ ਵਿਚ ਰੋਜਾਨਾ ਸਕੂਲਾਂ ਦੀਆਂ ਧਾਰਮਿਕ ਸਥਾਣ, ਸ਼ੌਕ ਸਭਾਵਾਂ ਤੇ ਆਮ ਇਕੱਠ ਵਿਚ ਉਨ੍ਹਾਂ ਲੋੜਵੰਦਾਂ ਜ਼ੋ ਕਿਸੇ ਕਿਸਮ ਦੀ ਵੀ ਮੱਦਦ ਦੀ ਪਹਿਚਾਨ ਕਰਕੇ ਡੋਰ ਸਟੈਪ ਤੇ ਮੱਦਦ ਕਰਨ ਦੇ ਦਿੱਤੇ ਨੂੰ ਨਾ ਕੇਵਲ ਸੰਸਥਾ ਬਲਕਿ ਮੈਂਬਰ ਆਪਣੀ ਦਸਾਂ ਨੰਹਾਂ ਦੀ ਕਮਾਈ ਵਿਚ ਹਰ ਲੋੜਵੰਦ ਦੀ ਮੱਦਦ ਖਾਸ ਤੌਰ ਇਸਤਰੀ ਵਰਗ ਬੱਚੇ ਤੇ ਬੁਢਾਪੇ ਤੇ ਉਨ੍ਹਾਂ ਦੇ ਬੱਚਿਆਂ ਨੂੰ ਹਰ ਤਰ੍ਹਾਂ ਦੀ ਮੱਦਦ ਪੈਰਾਂ ਤੇ ਖੜ੍ਹਾ ਕਰਨ ਦਾ ਵੀ ਚੰਗੇ ਬੱਚੇ ਵਿਦਿਆਰਥੀ, ਧਾਰਮਿਕ ਲੱਖਾਂ ਦੀ ਗਿਣਤੀ ਵਿਚ ਮੱਦਦ ਕਰਦੇ ਹੋਏ ਫਖਰ ਨਾਲ ਕਰ ਸਕਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸੁਭਾਸ਼ ਭਗਤ ਨੇ ਆਪਣੇ ਜਨਮਦਿਨ 'ਤੇ ਭਰਿਆ ਨੇਤਰਦਾਨ ਪ੍ਰਣ ਪੱਤਰ, ਜਿਸ ਨਾਲ ਹੋਰ ਲੋਕ ਵੀ ਹੋਣਗੇ ਪ੍ਰੇਰਿਤ: ਸੰਜੀਵ ਅਰੋੜਾ



**ਹੁਸ਼ਿਆਰਪੁਰ, 10 ਮਾਰਚ (ਆਵਾਜ਼ਿ ਕੌਮ ਬਿਊਰੋ)**-ਰੋਟਰੀ ਆਈ ਬੈਂਕ ਅਤੇ ਕੌਰਨੀਆ ਟ੍ਰਾਂਸਪਲਾਂਟੇਸ਼ਨ ਸੋਸਾਇਟੀ ਦੇ ਮੈਂਬਰਾਂ ਨੇ ਪ੍ਰਧਾਨ ਜੇ. ਬੀ. ਬਹਲ ਅਤੇ ਚੇਅਰਮੈਨ ਸੰਜੀਵ ਅਰੋੜਾ ਦੀ ਅਗਵਾਈ ਹੇਠ ਸ. ਸੁਭਾਸ਼ ਭਗਤ ਇੰਚਾਰਜ ਮਹਿਲਾ ਵਿੰਗ (ਐਸ. ਆਈ.) ਨਾਲ ਮੁਲਾਕਾਤ ਕੀਤੀ। ਇਸ ਮੌਕੇ ਸੁਭਾਸ਼ ਭਗਤ ਨੇ ਆਪਣੇ ਜਨਮਦਿਨ ਦੇ ਮੌਕੇ ਤੇ ਨੇਤਰਦਾਨ ਪ੍ਰਣ ਪੱਤਰ ਭਰੇ। ਉਨ੍ਹਾਂ ਸੋਸਾਇਟੀ ਦੇ ਕੰਮਾਂ ਦੀ ਸਰਾਹਨਾ ਕਰਦੇ ਹੋਏ ਕਿਹਾ ਕਿ ਕਿਸੇ ਦੀ ਹਨ੍ਹੇਰੀ ਜ਼ਿੰਦਗੀ ਨੂੰ ਰੋਸ਼ਨ ਕਰਨਾ ਸਭ ਤੋਂ ਵੱਡਾ ਪੁੰਨ ਦਾ ਕੰਮ ਹੈ। ਸੁਭਾਸ਼ ਭਗਤ ਨੇ ਕਿਹਾ ਕਿ ਇਕ ਵਾਰ ਉਨ੍ਹਾਂ ਨੇ ਸੋਸਾਇਟੀ ਦੇ ਨੇਤਰਦਾਨ ਸੰਬੰਧੀ ਸੈਮੀਨਾਰ ਵਿੱਚ ਭਾਗ ਲਿਆ ਸੀ, ਜਿਸ ਤੋਂ ਪ੍ਰਭਾਵਿਤ ਹੋ ਕੇ ਉਨ੍ਹਾਂ ਨੇ ਫੈਸਲਾ ਕਰ ਲਿਆ ਸੀ ਕਿ ਉਹ ਆਪਣੇ ਜਨਮਦਿਨ 'ਤੇ ਨੇਤਰਦਾਨ ਪ੍ਰਣ ਪੱਤਰ ਭਰਨਗੇ ਅਤੇ ਉਨਾਂ ਨੇ ਹੋਰ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਵੀ ਆਪਣੇ ਖੁਸ਼ੀ ਦੇ ਮੌਕਿਆਂ ਨੂੰ ਨੇਤਰਦਾਨ ਪ੍ਰਣ ਪੱਤਰ ਭਰ ਕੇ ਮਨਾਉਣ। ਇਸ ਮੌਕੇ ਪ੍ਰਧਾਨ ਜੇ. ਬੀ. ਬਹਲ ਅਤੇ ਚੇਅਰਮੈਨ ਅਤੇ ਪ੍ਰਮੁੱਖ ਸਮਾਜਸੇਵੀ ਸੰਜੀਵ ਅਰੋੜਾ ਨੇ ਸੁਭਾਸ਼ ਭਗਤ ਵੱਲੋਂ ਨੇਤਰਦਾਨ ਪ੍ਰਣ ਪੱਤਰ ਭਰਨ 'ਤੇ ਕਿਹਾ ਕਿ ਉਨ੍ਹਾਂ ਦੀ ਪ੍ਰੇਰਣਾ ਨਾਲ ਹੋਰ ਲੋਕ ਵੀ ਨੇਤਰਦਾਨ ਪ੍ਰਣ ਪੱਤਰ ਭਰਨ ਲਈ ਅੱਗੇ ਆਉਣਗੇ। ਸ੍ਰੀ ਅਰੋੜਾ ਨੇ ਕਿਹਾ ਕਿ ਉੱਥੇ ਮੌਜੂਦ ਲੋਕਾਂ ਨੇ ਵੀ ਇੱਛਾ ਜਤਾਈ ਕਿ ਉਹ ਵੀ ਨੇਤਰਦਾਨ ਪ੍ਰਣ ਪੱਤਰ ਭਰਨ ਲਈ ਸੋਸਾਇਟੀ ਦੇ ਦਫ਼ਤਰ ਵਿੱਚ ਆਉਣਗੇ ਅਤੇ ਪ੍ਰਣ ਪੱਤਰ ਭਰਨ ਦੇ ਨਾਲ-ਨਾਲ ਹੋਰ ਲੋਕਾਂ ਨੂੰ ਵੀ ਜਾਗਰੂਕ ਕਰਨਗੇ, ਤਾਂ ਜੋ ਸੋਸਾਇਟੀ ਨੇ ਜੋ ਬੀੜਾ ਚੁੱਕਿਆ ਹੈ ਉਸਨੂੰ ਪੂਰਾ ਕਰਨ ਵਿੱਚ ਉਹ ਵੀ ਆਪਣਾ ਯੋਗਦਾਨ ਪਾ ਸਕਣ। ਸ਼੍ਰੀ ਅਰੋੜਾ ਨੇ ਕਿਹਾ ਕਿ ਜੇ ਇਹੀ ਸੋਚ ਸਾਡੀ ਸਭ ਦੀ ਹੋ ਜਾਵੇ ਤਾਂ ਉਹ ਦਿਨ ਦੂਰ ਨਹੀਂ ਜਦੋਂ ਸਾਡਾ ਦੇਸ਼ ਸੌ ਫ਼ੀਸਦੀ ਕੌਰਨੀਆ ਬਲਾਈਂਡਨੈੱਸ ਫ੍ਰੀ ਹੋ ਜਾਵੇਗਾ। ਇਸ ਮੌਕੇ ਸੁਭਾਸ਼ ਭਗਤ ਨੂੰ ਪ੍ਰਮਾਣ ਪੱਤਰ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਸੀਨੀਅਰ ਉਪ ਪ੍ਰਧਾਨ ਵਿਜੇ ਅਰੋੜਾ ਨੇ ਹੋਰ ਸੋਸਾਇਟੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਵੀ ਨੇਤਰਦਾਨ ਸੰਸਥਾ ਨਾਲ ਜੁੜ ਕੇ ਲੋਕਾਂ ਨੂੰ ਨੇਤਰਦਾਨ ਲਈ ਜਾਗਰੂਕ ਕਰਨ, ਤਾਂ ਜੋ ਦੇਸ਼ ਤੋਂ ਅੰਧੇਪੰਨ ਨੂੰ ਖਤਮ ਕਰਨ ਦਾ ਯਤਨ ਕੀਤਾ ਜਾ ਸਕੇ। ਇਸ ਮੌਕੇ ਸੀਨੀਅਰ ਉਪ ਪ੍ਰਧਾਨ ਵਿਜੇ ਅਰੋੜਾ ਨੇ ਹੋਰ ਸੋਸਾਇਟੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਵੀ ਨੇਤਰਦਾਨ ਸੰਸਥਾ ਨਾਲ ਜੁੜ ਕੇ ਲੋਕਾਂ ਨੂੰ ਨੇਤਰਦਾਨ ਲਈ ਜਾਗਰੂਕ ਕਰਨ, ਤਾਂ ਜੋ ਦੇਸ਼ ਤੋਂ ਅੰਧੇਪੰਨ ਨੂੰ ਖਤਮ ਕਰਨ ਦਾ ਯਤਨ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਨੇਤਰਦਾਨ ਹੀ ਇਕ ਐਸਾ ਦਾਨ ਹੈ ਜੋ ਮਰਨ ਉਪਰੰਤ ਹੀ ਕੀਤਾ ਜਾਂਦਾ ਹੈ ਅਤੇ ਇਕ ਵਿਅਕਤੀ ਵੱਲੋਂ ਦਾਨ ਕੀਤੀਆਂ ਅੱਖਾਂ ਨਾਲ ਦੋ ਵਿਅਕਤੀਆਂ ਦੀ ਹਨ੍ਹੇਰੀ ਜ਼ਿੰਦਗੀ ਵਿੱਚ ਰੋਸ਼ਨੀ ਆ ਸਕਦੀ ਹੈ। ਆਓ ਪ੍ਰਣ ਕਰੀਏ ਕਿ ਅਸੀਂ ਅੱਜ ਹੀ ਨੇਤਰਦਾਨ ਪ੍ਰਣ ਪੱਤਰ ਭਰਾਂਗੇ, ਤਾਂ ਜੋ ਹਨ੍ਹੇਰੀ ਜ਼ਿੰਦਗੀ ਜੀ ਰਹੇ ਲੋਕਾਂ ਦੇ ਜੀਵਨ ਨੂੰ ਰੋਸ਼ਨ ਕੀਤਾ ਜਾ ਸਕੇ। ਇਸ ਮੌਕੇ ਇੰਸਪੈਕਟਰ ਸੰਜੀਵ ਕੁਮਾਰ, ਪ੍ਰੋ. ਦਲਜੀਤ ਸਿੰਘ, ਮਦਨ ਲਾਲ ਮਹਾਜਨ, ਵਿਜੇ ਅਰੋੜਾ, ਜਸਬੀਰ ਕੰਵਰ , ਪ੍ਰੋ. ਰਾਜੀਵ ਸ਼ਰਮਾ, ਕ੍ਰਿਸ਼ਨ ਕਿਸ਼ੋਰ, ਮਹਾਵੀਰ ਸਿੰਘ ਅਤੇ ਹੋਰ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸੰਤ ਕਰਤਾਰ ਸਿੰਘ ਜੀ ਖਾਲਸਾ ਸਕੂਲ ਦੇ

# ਡਾ: ਅਰਜੁਨ ਸਿੰਘ ਬਣੇ ਪ੍ਰਿੰਸੀਪਲ



ਫ਼ਿਰੋਜ਼ਪੁਰ, 10 ਮਾਰਚ (ਮਨੋਹਰ ਲਾਲ) :— ਇਲਾਕੇ ਦੇ ਬੱਚਿਆਂ ਨੂੰ ਸਮੇਂ ਦੇ ਹਾਣੀ ਬਣਾਉਣ ਦੇ ਮਨੋਰਥ ਨਾਲ ਇਲਾਕੇ ਵਿਚ ਵਿਦਿਆ ਦਾ ਚਾਨਣ ਬਿਖੇਰ ਰਹੀ ਸੰਤ ਕਰਤਾਰ ਸਿੰਘ ਜੀ ਖਾਲਸਾ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਨੇ ਇਕ ਹੋਰ ਕਦਮ ਵਧਾਉਂਦਿਆਂ ਪ੍ਰਿੰਸੀਪਲ ਡਾ: ਅਰਜਨੁ ਸਿੰਘ ਦੀ ਕੀਤੀ ਨਿਯੁਕਤੀ। ਜ਼ਿਕਰਯੋਗ ਹੈ ਕਿ ਇਲਾਕੇ ਦੇ ਬੱਚਿਆਂ ਨੂੰ ਸਿੱਖਿਆ ਦਾ ਗਹਿਣਾ ਵੰਡਣ ਦੇ ਨਾਲ—ਨਾਲ ਸਮਾਜਿਕ ਕਦਰਾਂ—ਕੀਮਤਾਂ ਸਮਝਾਉਣ ਸਮੇਤ ਬੱਚਿਆਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਦੇ ਮਨੋਰਥ ਨਾਲ ਗੁਰਬਾਣੀ ਦਾ ਸਰਵਣ ਕਰਵਾਉਂਦੇ ਆ ਰਹੇ ਸੰਤ ਕਰਤਾਰ ਸਿੰਘ ਜੀ ਖਾਲਸਾ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਦੇ ਬੱਚਿਆਂ ਦਾ ਹਰ ਸਾਲ 100ਫੀਸਦੀ ਰਿਜਲਟ ਆਉਂਦਾ ਹੈ ਅਤੇ ਮਾਪਿਆਂ ਦਾ ਵਿਸਵਾਸ਼ ਵੀ ਇਸ ਸਕੂਲ ਵਿਚ ਹਰ ਸਾਲ ਹੋਰ ਪੱਕਾ ਹੁੰਦਾ ਜਾ ਰਿਹਾ ਹੈ, ਕਿਉਂਕਿ ਇਥੇ ਪੜ੍ਹਣ ਵਾਲੇ ਬੱਚਿਆਂ ਨੂੰ ਸਿਰਫ ਕਿਤਾਬੀ ਕੀੜੇ ਹੀ ਨਹੀਂ ਬਣਾਇਆ ਜਾਂਦਾ, ਸਗੋਂ ਸਮੇਂ ਦੇ ਹਾਣੀ ਬਨਾਉਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਹੈ। ਸਕੂਲ ਵਿਚ ਨਵ—ਨਿਯੁਕਤ ਪ੍ਰਿੰਸੀਪਲ ਡਾ: ਅਰਜੁਨ ਸਿੰਘ ਖੁਦ ਪੀ.ਐਚ.ਡੀ, ਟ੍ਰਿਪਲ ਐਮ.ਏ, ਡਿਪਲੋਮਾ ਇਨ ਉਰਦੂ ਸਮੇਤ ਕਈ ਖੇਤਰਾਂ ਵਿਚ ਆਪਣੀ ਵੱਖਰੀ ਪਹਿਚਾਣ ਬਣਾ ਚੁੱਕੇ ਹਨ। ਦਸਣਯੋਗ ਹੈ ਕਿ ਪ੍ਰਿੰਸੀਪਲ ਡਾ: ਅਰਜੁਨ ਸਿੰਘ ਦੇ ਨੈਸ਼ਨਲ ਅਤੇ ਇੰਟਰਨੈਸ਼ਨਲ ਲੇਵਲ ਤੇ ਕਈ ਪਰਚੇ ਛਪ ਚੁੱਕੇ ਹਨ ਅਤੇ ਇਸ ਤੋਂ ਇਲਾਵਾ ਗੱਤਕੇ ਵਿਚ ਇਹ ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਗੋਲਡ ਮੈਡਲਿਸਟ ਹਨ ਅਤੇ ਇਹ ਕਈ ਨਿਊਜ਼ ਪੇਪਰਾਂ ਵਿਚ ਬਤੌਰ ਅਸਿਸਟੈਂਟ ਆਡੀਟਰ ਵੀ ਕੰਮ ਕਰ ਚੁੱਕੇ ਹਨ। ਪ੍ਰਬੰਧਕਾਂ ਨੇ ਦੱਸਿਆ ਕਿ ਪ੍ਰਿੰਸੀਪਲ ਅਰਜੁਨ ਸਿੰਘ ਦੇ ਸਕੂਲ ਵਿਚ ਆਉਣ ਨਾਲ ਜਿਥੇ ਬੱਚਿਆਂ ਨੂੰ ਪੜ੍ਹਾਈ ਵਿਚ ਹੋਰ ਵੀ ਪਰਪੱਕ ਕੀਤਾ ਜਾਵੇਗਾ, ਉਥੇ ਐਨ.ਸੀ.ਸੀ ਵਿਚ ਸਰਟੀਫਿਕੇਟ ਹੋਲਡਰ ਪ੍ਰਿੰਸੀਪਲ ਤੋਂ ਬੱਚਿਆਂ ਨੂੰ ਐਨ.ਸੀ.ਸੀ ਵਿਚ ਪਰਪੱਕ ਹੋਣ ਦਾ ਮੌਕਾ ਮਿਲੇਗਾ।

### ਫਨ ਆਇਲੈਂਡ ਵਾਟਰ ਐਂਡ ਐਮਿਊਜ਼ਮੈਂਟ ਪਾਰਕ ਵਿੱਚ

# ਨਵੇਂ ਸੀਜ਼ਨ ਦੀ ਸ਼ੁਰੂਆਤ ਹਵਨ ਯੱਗ ਨਾਲ ਹੋਇਆ ਸ਼ੁਭ ਆਰੰਭ

**ਫ਼ਿਰੋਜ਼ਪੁਰ, 10 ਮਾਰਚ (ਮਨੋਹਰ ਲਾਲ) :—** ਤਲਵੰਡੀ ਭਾਈ ਸਥਿਤ ਫਨ ਆਇਲੈਂਡ ਵਾਟਰ ਐਂਡ ਐਮਿਊਜ਼ਮੈਂਟ ਪਾਰਕ ਵਿੱਚ ਗਰਮੀਆਂ ਦੇ ਨਵੇਂ ਸੀਜ਼ਨ ਦੀ ਸ਼ੁਰੂਆਤ ਧਾਰਮਿਕ ਮਾਹੌਲ ਵਿੱਚ ਹਵਨ ਯੱਗ ਕਰਵਾ ਕੇ ਕੀਤੀ ਗਈ। ਇਸ ਮੌਕੇ ਪਾਰਕ ਪ੍ਰੰਗਣ ਵਿੱਚ ਵਿਧੀ ਵਿਧਾਨ ਅਨੁਸਾਰ ਹਵਨ ਯੱਗ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਪਾਰਕ ਮੈਨੇਜਮੈਂਟ, ਕਰਮਚਾਰੀਆਂ ਅਤੇ ਹੋਰ ਮੌਜੂਦ ਲੋਕਾਂ ਨੇ ਆਹੁਤੀਆਂ ਪਾ ਕੇ ਪ੍ਰਭੂ ਅੱਗੇ ਨਵੇਂ ਸੀਜ਼ਨ ਦੀ ਕਾਮਯਾਬੀ, ਇਲਾਕੇ ਦੀ ਖੁਸ਼ਹਾਲੀ ਅਤੇ ਸਭ ਦੀ ਸੁੱਖ ਸਮ੍ਰਿੱਧੀ ਲਈ ਅਰਦਾਸ ਕੀਤੀ। ਹਵਨ ਯੱਗ ਤੋਂ ਬਾਅਦ ਪਾਰਕ ਪ੍ਰੰਗਣ ਵਿੱਚ ਮੌਜੂਦ ਸਭ ਲੋਕਾਂ ਨੂੰ ਪ੍ਰਸਾਦ ਵੀ ਵੰਡਿਆ ਗਿਆ। ਇਸ ਮੌਕੇ ਪੂਰੇ ਪ੍ਰੰਗਣ ਵਿੱਚ ਸ਼ਰਧਾ ਅਤੇ ਉਤਸ਼ਾਹ ਦਾ ਮਾਹੌਲ ਦੇਖਣ ਨੂੰ ਮਿਲਿਆ।



ਜਾਣਕਾਰੀ ਦਿੰਦਿਆਂ ਮੈਨੇਜਮੈਂਟ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਗਰਮੀਆਂ ਦੇ ਸੀਜ਼ਨ ਨੂੰ ਧਿਆਨ ਵਿੱਚ ਰੱਖਦੇ ਹੋਏ ਪਾਰਕ ਨੂੰ ਪੂਰੀ ਤਰ੍ਹਾਂ ਤਿਆਰ ਕੀਤਾ ਗਿਆ ਹੈ, ਤਾਂ ਜੋ ਆਉਣ ਵਾਲੇ ਸੈਲਾਨੀਆਂ ਨੂੰ ਵਧੀਆ ਸੁਵਿਧਾਵਾਂ ਅਤੇ ਮਨੋਰੰਜਨ ਪ੍ਰਦਾਨ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਪਾਰਕ ਵਿੱਚ ਆਧੁਨਿਕ ਵਾਟਰ ਸਲਾਈਡਾਂ, ਵਿਸ਼ਾਲ ਸਵਿਮਿੰਗ ਪੂਲ, ਰੇਨ ਡਾਂਸ, ਬੱਚਿਆਂ ਲਈ ਖਾਸ ਰਾਈਡਾਂ ਅਤੇ ਹੋਰ ਕਈ ਆਕਰਸ਼ਕ ਮਨੋਰੰਜਨ ਸੁਵਿਧਾਵਾਂ ਉਪਲਬਧ ਹਨ, ਜਿਨ੍ਹਾਂ ਦਾ ਲੋਕ ਆਪਣੇ ਪਰਿਵਾਰ ਸਮੇਤ ਪੂਰਾ ਆਨੰਦ ਲੈ ਸਕਦੇ ਹਨ। ਉਨ੍ਹਾਂ ਅੱਗੇ ਦੱਸਿਆ ਕਿ ਪਾਰਕ ਵਿੱਚ ਆਉਣ ਵਾਲੇ ਸੈਲਾਨੀਆਂ ਦੀ ਸੁਰੱਖਿਆ ਅਤੇ ਸਫਾਈ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਜਾਂਦੀ ਹੈ। ਇਸ ਲਈ ਪੂਰੇ ਪਾਰਕ ਵਿੱਚ ਸਫਾਈ ਦੀ ਵਧੀਆ ਵਿਵਸਥਾ ਕੀਤੀ ਗਈ ਹੈ ਅਤੇ ਸੁਰੱਖਿਆ ਦੇ ਵੀ ਪੱਕੇ ਇੰਤਜ਼ਾਮ ਕੀਤੇ ਗਏ ਹਨ, ਤਾਂ ਜੋ ਆਉਣ ਵਾਲੇ ਲੋਕ ਆਪਣੇ ਪਰਿਵਾਰ ਅਤੇ ਦੋਸਤਾਂ ਨਾਲ ਸੁਰੱਖਿਅਤ ਅਤੇ ਖੁਸ਼ਗਵਾਰ ਸਮਾਂ ਬਿਤਾ ਸਕਣ। ਮੈਨੇਜਮੈਂਟ ਨੇ ਦੱਸਿਆ ਕਿ ਗਰਮੀਆਂ ਦੇ ਮੌਸਮ ਵਿੱਚ ਹਰ ਸਾਲ ਵੱਡੀ ਗਿਣਤੀ ਲੋਕ ਇਸ ਪਾਰਕ ਵਿੱਚ ਪਹੁੰਚਦੇ ਹਨ ਅਤੇ ਬੱਚਿਆਂ ਤੋਂ ਲੈ ਕੇ ਵੱਡਿਆਂ ਤੱਕ ਸਭ ਇੱਥੇ ਦੀਆਂ ਵਾਟਰ ਰਾਈਡਾਂ ਅਤੇ ਮਨੋਰੰਜਨ ਗਤੀਵਿਧੀਆਂ ਦਾ ਭਰਪੂਰ ਆਨੰਦ ਲੈਂਦੇ ਹਨ। ਨਵੇਂ ਸੀਜ਼ਨ ਦੀ ਸ਼ੁਰੂਆਤ ਨਾਲ ਹੀ ਇਲਾਕੇ ਦੇ ਲੋਕਾਂ ਵਿੱਚ ਵੀ ਕਾਫੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ ਅਤੇ ਉਮੀਦ ਹੈ ਕਿ ਇਸ ਵਾਰ ਵੀ ਵੱਡੀ ਗਿਣਤੀ ਵਿੱਚ ਸੈਲਾਨੀ ਪਾਰਕ ਦਾ ਰੁਖ ਕਰਨਗੇ।

# ਭਗਤਾਂ ਦਾ ਡੇਰਾ ਤਰਸਿੱਕਾ ਵਿਖੇ ਸਲਾਨਾ ਜੋੜ ਮੇਲਾ 26 ਅਤੇ 27 ਮਾਰਚ ਨੂੰ-ਸੰਤ ਬਾਬਾ ਗੁਰਦੇਵ ਸਿੰਘ ਜੀ




**ਚੌਕ ਮਹਿਤਾ, 10 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਗੁਰਦੁਆਰਾ ਭਗਤਾਂ ਦਾ ਡੇਰਾ ਤਰਸਿੱਕਾ ਦੇ ਮੁੱਖੀ ਸ੍ਰੀ ਮਾਨ ਸੰਤ ਬਾਬਾ ਗੁਰਦੇਵ ਸਿੰਘ ਜੀ ਅਗਵਾਈ ਹੇਠ ਸਮੂਹ ਇਲਾਕਾ ਅਤੇ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸਲਾਨਾ ਧਾਰਮਿਕ ਜੋੜ ਮੇਲਾ 26 ਅਤੇ 27 ਮਾਰਚ 2026 ਦਿਨ ਵੀਰਵਾਰ ਅਤੇ ਸ਼ੁੱਕਰਵਾਰ ਨੂੰ ਸਵੇਰੇ 10 ਤੋਂ ਸ਼ਾਮ ਵਜੇ ਤੱਕ ਮਨਾਇਆ ਜਾ ਰਿਹਾ ਹੈ। ਇਸ ਮੌਕੇ ਤੇ ਸ੍ਰੀ ਮਾਨ ਸੰਤ ਬਾਬਾ ਗੁਰਦੇਵ ਸਿੰਘ ਜੀ ਨੇ ਦੱਸਿਆ ਕਿ ਇਸ ਜੋੜ ਮੇਲੇ ਵਿੱਚ ਸਿੱਖ ਪੰਥ ਦੇ ਮਹਾਨ ਵਿਦਵਾਨ ਕਥਾਵਾਚਕ ਕੀਰਤਨੀਏ ਢਾਡੀ ਕਵੀਸਰਾ, ਪ੍ਰਚਾਰਕ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਣਗੇ। ਇਸ ਮੌਕੇ ਤੇ ਸੰਤ, ਮਹਾਂਪੁਰਖ, ਨਿਹੰਗ ਸਿੰਘ ਜਥੇਬੰਦੀਆਂ ਹਾਜ਼ਰੀਆਂ ਭਰਨਗੀਆ। ਉਨ੍ਹਾਂ ਨੇ ਕਿਹਾ ਕਿ ਦੋਵੇਂ ਦਿਨ ਕਬੱਡੀ ਦੇ ਮੈਚ ਹੋਣਗੇ। 28 ਮਾਰਚ ਨੂੰ ਮਹਾਨ ਅਮ੍ਰਿੰਤ ਸੰਚਾਰ ਹੋਵੇਗਾ ਜਿਸ ਵਿਚ ਅਮ੍ਰਿੰਤ ਅਭਿਆਖੀਆ ਨੂੰ ਭੇਟਾ ਰਹਿਤ ਕਕਾਰ ਦਿੱਤੇ ਜਾਣਗੇ। ਇਸ ਮੌਕੇ ਤੇ ਬਾਬਾ ਜੁਝਾਰ ਸਿੰਘ ਜੀ ਦਸਤਾਰ ਲਹਿਰ ਦੁਬਈ ਵੱਲੋਂ ਦੋਵੇਂ ਦਿਨ ਦਸਤਾਰ ਸਿਖਲਾਈ ਕੈਂਪ ਲਗਾਇਆ ਜਾਵੇਗਾ। ਇਸ ਮੌਕੇ ਤੇ ਸ੍ਰੀ ਮਾਨ ਸੰਤ ਬਾਬਾ ਗੁਰਦੇਵ ਸਿੰਘ ਜੀ ਨੇ ਸਮੂਹ ਇਲਾਕਾ ਨਿਵਾਸੀਆਂ ਅਤੇ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਇਸ ਜੋੜ ਮੇਲੇ ਵਿੱਚ ਹਾਜ਼ਰੀਆਂ ਭਰਕੇ ਗੁਰੂ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛੱਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
***Raghbir Singh Walsal***
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਖਾਲਸਾ ਸਾਜਨਾ ਦਿਵਸ ਵਿਸਾਖੀ ਨੂੰ ਸਮਰਪਿਤ
ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਵੱਲੋਂ
ਧਾਰਮਿਕ ਦੀਵਾਨ
12-13-14 ਮਾਰਚ 2026
ਸਮਾਂ : ਦੁਪਹਿਰ 12 ਤੋਂ 3 ਵਜੇ ਤੱਕ
ਪਿੰਡ ਗਿਆਨਾ ਜ਼ਿਲਾ ਬਠਿੰਡਾ (ਪੰਜਾਬ)
ਸਥਾਨ : ਗੁਰਦੁਆਰਾ ਸਾਹਿਬ
ਅੰਮ੍ਰਿਤ ਸੰਚਾਰ 14 ਮਾਰਚ ਦਿਨੇ 12 ਵਜੇ ਹੋਵੇਗਾ ਜੀ
LIVE ON
Mr. Singh Production
Nihal TV
facebook : /jathedarbaljitkhalsasinghdaduwal
ਸਰਬੱਤ ਸੰਗਤਾਂ ਸਮੇਂ ਸਿਰ ਪੁੱਜ ਕੇ ਗੁਰਬਾਣੀ ਇਤਿਹਾਸ ਦਾ ਲਾਹਾ ਪ੍ਰਾਪਤ ਕਰੋ ਜੀ।
ਗੁਰੂ ਕਾ ਲੰਗਰ ਅਤੁੱਟ ਵਰਤੇਗਾ ਜੀ।



ਬੇਨਤੀ ਕਰਤਾ - ਸਮੂੰਹ ਗੁਰਦੁਆਰਾ ਪ੍ਰਬੰਧਕ ਕਮੇਟੀ ਸੇਵਾਦਾਰ ਸਾਧਸੰਗਤ ਅਤੇ ਨਗਰ ਪੰਚਾਇਤ ਪਿੰਡ ਗਿਆਨਾ ਜ਼ਿਲ੍ਹਾ ਬਠਿੰਡਾ
ਸੰਪਰਕ ਨੰ: 94172-09926
80546-10503